ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 8 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੩ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਨੇਪਾਲ ਹੜ੍ਹ: ਮਰਨ ਵਾਲਿਆਂ ਦੀ ਗਿਣਤੀ 1,350 ਤੋਂ ਪਾਰ , ਲਗਭਗ 5,000 ਅਜੇ ਵੀ ਲਾਪਤਾ

**ਕਾਠਮੰਡੂ , 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਵਿੱਚ ਭਿਆਨਕ ਹੜ੍ਹਾਂ ਕਾਰਨ ਸੋਮਵਾਰ ਨੂੰ ਪ੍ਰਭਾਵਿਤ ਇਲਾਕਿਆਂ ਤੋਂ ਹੋਰ ਲਾਸ਼ਾਂ ਬਰਾਮਦ ਹੋਣ ਤੋਂ ਬਾਅਦ ਮਰਨ ਵਾਲਿਆਂ ਦੀ ਗਿਣਤੀ 1,355 ਹੋ ਗਈ। ਅਧਿਕਾਰੀਆਂ ਨੇ ਇਸ ਸਬੰਧੀ ਜਾਣਕਾਰੀ ਦਿੱਤੀ। ਰਾਸ਼ਟਰੀ ਆਫ਼ਤ ਜੋਖਮ ਘਟਾਉਣ ਅਤੇ ਪ੍ਰਬੰਧਨ ਅਥਾਰਟੀ (ਐਨਡੀਆਰਆਰਐਮਏ) ਨੇ ਕਿਹਾ ਕਿ ਬਚਾਅ ਟੀਮਾਂ ਅਜੇ ਵੀ 4,996 ਲੋਕਾਂ ਦੀ ਭਾਲ ਕਰ ਰਹੀਆਂ ਹਨ, ਜਿਨ੍ਹਾਂ ਵਿੱਚ ਘੱਟੋ-ਘੱਟ 589 ਵਿਦੇਸ਼ੀ ਨਾਗਰਿਕ ਸ਼ਾਮਲ ਹਨ। ਹੁਣ ਤੱਕ 13,396 ਲੋਕਾਂ ਨੂੰ ਬਚਾਇਆ ਗਿਆ ਹੈ। ਐਨਡੀਆਰਆਰਐਮਏ ਦੇ ਅਨੁਸਾਰ ਚਿਤਵਾਨ ਜ਼ਿਲ੍ਹੇ ਤੋਂ 363 ਲਾਸ਼ਾਂ, ਨਵਲਪਰਾਸੀ ਪੱਛਮ ਤੋਂ 221, ਨਵਲਪਰਾਸੀ ਪੂਰਬ ਤੋਂ 222 ਅਤੇ ਨੁਵਾਕੋਟ ਤੋਂ 197 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਇਸੇ ਤਰ੍ਹਾਂ ਰਸੁਵਾ ਤੋਂ 169, ਗੋਰਖਾ ਤੋਂ 75, ਧਾਡਿੰਗ ਤੋਂ 70 ਅਤੇ ਤਾਨਾਹੁਨ ਤੋਂ 38 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਸੁਰੱਖਿਆ ਬਲਾਂ ਦੀ ਸਾਂਝੀ ਕਮਾਂਡ ਸਰਗਰਮੀ ਨਾਲ ਖੋਜ ਅਤੇ ਬਚਾਅ ਕਾਰਜ ਚਲਾ ਰਹੀ ਹੈ। ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਸਥਿਤ ਪਣ-ਬਿਜਲੀ ਪ੍ਰੋਜੈਕਟਾਂ 'ਤੇ ਇੱਕ ਵਿਸ਼ਾਲ ਬਚਾਅ ਕਾਰਜ ਚੱਲ ਰਿਹਾ ਹੈ। ਇਨ੍ਹਾਂ ਪ੍ਰੋਜੈਕਟਾਂ ਦੀਆਂ ਸੁਰੰਗਾਂ ਵਿੱਚ ਸੈਂਕੜੇ ਲੋਕਾਂ ਦੇ ਫਸੇ ਹੋਣ ਦਾ ਖਦਸ਼ਾ ਹੈ। ਭਾਰਤ ਅਤੇ ਚੀਨ ਦੇ ਮਾਹਿਰਾਂ ਦੀਆਂ ਟੀਮਾਂ ਇਨ੍ਹਾਂ ਕਾਰਜਾਂ ਵਿੱਚ ਆਪਣੇ ਨੇਪਾਲੀ ਹਮਰੁਤਬਾ ਦੀ ਸਹਾਇਤਾ ਕਰ ਰਹੀਆਂ ਹਨ। 26 ਅਗਸਤ ਨੂੰ ਨੇਪਾਲ-ਤਿੱਬਤ ਸਰਹੱਦ ਦੇ ਨੇੜੇ ਬਰਫ਼ ਅਤੇ ਚੱਟਾਨਾਂ ਦੇ ਤੂਫ਼ਾਨ ਕਾਰਨ ਆਏ ਅਚਾਨਕ ਹੜ੍ਹਾਂ ਨੇ ਉੱਤਰੀ ਅਤੇ ਮੱਧ ਨੇਪਾਲ ਦੇ ਕਸਬਿਆਂ ਅਤੇ ਪਿੰਡਾਂ ਵਿੱਚ ਤਬਾਹੀ ਮਚਾ ਦਿੱਤੀ।

## ਖੇਡ ਟੂਰਨਾਮੈਂਟ 'ਚ ਵੀਡੀਓਗ੍ਰਾਫੀ ਲਈ ਉਡਾਏ ਡਰੋਨ ਨੇ

# 7 ਜਹਾਜ਼ ਦਿੱਲੀ-ਚੰਡੀਗੜ੍ਹ ਵੱਲ ਮੋੜੇ

**ਅੰਮ੍ਰਿਤਸਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਨੇੜੇ ਸ਼ੱਕੀ ਡਰੋਨ ਗਤੀਵਿਧੀ ਨੂੰ ਲੈ ਕੇ ਹੋਏ ਹੰਗਾਮੇ ਤੋਂ ਬਾਅਦ, ਹੁਣ ਸੱਚਾਈ ਸਾਹਮਣੇ ਆ ਗਈ ਹੈ। ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਹਵਾਈ ਅੱਡੇ ਨੇੜੇ ਦੇਖਿਆ ਗਿਆ ਡਰੋਨ ਕਿਸੇ ਸ਼ੱਕੀ ਗਤੀਵਿਧੀ



ਦਾ ਹਿੱਸਾ ਨਹੀਂ ਸੀ। ਰਾਜਾਸਾਂਸੀ ਪੁਲਿਸ ਸਟੇਸ਼ਨ ਦੀ ਜਾਂਚ ਤੋਂ ਪਤਾ ਲੱਗਾ ਹੈ ਕਿ ਹਵਾਈ ਅੱਡੇ ਤੋਂ ਥੋੜ੍ਹੀ ਦੂਰੀ 'ਤੇ ਸਥਿਤ ਪਿੰਡ ਝਝੋਟੀ ਵਿੱਚ ਇੱਕ ਖੇਡ ਟੂਰਨਾਮੈਂਟ ਹੋ ਰਿਹਾ ਸੀ। ਟੂਰਨਾਮੈਂਟ ਦੀ ਵੀਡੀਓ ਟੇਪ ਕਰਨ ਲਈ ਇੱਕ ਵਿਅਕਤੀ ਦੁਆਰਾ ਡਰੋਨ ਉਡਾਇਆ ਗਿਆ ਸੀ। ਰਾਜਾਸਾਂਸੀ ਥਾਣੇ ਦੇ ਐਸਐਚਓ ਗੁਰਪ੍ਰੀਤ ਸਿੰਘ ਦੇ ਅਨੁਸਾਰ, ਡਿਊਟੀ ਅਫਸਰ ਏਐਸਆਈ ਨਿਰੰਜਨ ਸਿੰਘ ਹਵਾਈ ਅੱਡੇ ਦੇ ਬਾਹਰਵਾਰ ਪਹੁੰਚੇ ਅਤੇ ਮਾਮਲੇ ਦੀ ਜਾਂਚ ਕੀਤੀ। ਜਾਂਚ ਵਿੱਚ ਪੁਸ਼ਟੀ ਹੋਈ ਕਿ ਡਰੋਨ ਨੂੰ ਝਜੋਟੀ ਪਿੰਡ ਵਿੱਚ ਇੱਕ ਖੇਡ ਟੂਰਨਾਮੈਂਟ ਦੀ ਵੀਡੀਓਗ੍ਰਾਫੀ ਕਰਨ ਲਈ ਉਡਾਇਆ ਜਾ ਰਿਹਾ ਸੀ। ਹਾਲਾਂਕਿ, ਹਵਾਈ ਅੱਡੇ ਦੀ ਸੁਰੱਖਿਆ ਕਾਰਨਾਂ ਕਰਕੇ, ਜ਼ਿਲ੍ਹਾ ਪ੍ਰਸ਼ਾਸਨ ਨੇ ਹਵਾਈ ਅੱਡੇ ਦੇ 8 ਕਿਲੋਮੀਟਰ ਦੇ ਘੇਰੇ ਵਿੱਚ ਡਰੋਨ ਉਡਾਉਣ 'ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਦੇ ਬਾਵਜੂਦ, ਪੁਲਿਸ ਡਰੋਨ ਉਡਾਉਣ ਦੀ ਘਟਨਾ ਸੰਬੰਧੀ ਲੋੜੀਂਦੀ ਕਾਰਵਾਈ ਕਰ ਰਹੀ ਹੈ। ਕਾਬਿਲੇਗੌਰ ਹੈ ਕਿ ਅੰਮ੍ਰਿਤਸਰ ਏਅਰਪੋਰਟ ਦੇ ਰਨਵੇਅ ਨੇੜੇ ਸ਼ੱਕੀ ਗਤੀਵਿਧੀ ਦੇਖਣ 'ਤੇ, ਏਅਰ ਟ੍ਰੈਫਿਕ ਕੰਟਰੋਲ (ਏਟੀਸੀ) ਨੇ ਇੱਕ ਅਲਰਟ ਜਾਰੀ ਕੀਤਾ ਅਤੇ ਸੁਰੱਖਿਆ ਕਾਰਨਾਂ ਕਰਕੇ ਅੰਮ੍ਰਿਤਸਰ ਆਉਣ ਵਾਲੀਆਂ ਸੱਤ ਉਡਾਣਾਂ ਨੂੰ ਦਿੱਲੀ ਅਤੇ ਚੰਡੀਗੜ੍ਹ ਭੇਜ ਦਿੱਤਾ। ਮੁੱਢਲੀ ਜਾਣਕਾਰੀ ਅਨੁਸਾਰ, ਸ਼ੱਕੀ ਡਰੋਨ/ਉਡਣ ਵਾਲੀਆਂ ਵਸਤੂਆਂ ਨੂੰ ਪਿੰਡ ਰਾਜਾਲਾ ਦੀ ਦਿਸ਼ਾ ਤੋਂ ਹਵਾਈ ਅੱਡੇ ਵੱਲ ਆਉਂਦੇ ਦੇਖਿਆ ਗਿਆ। ਡਰੋਨ ਕਈ ਮਿੰਟਾਂ ਲਈ ਰਨਵੇਅ ਅਤੇ ਆਲੇ ਦੁਆਲੇ ਦੇ ਸੰਵੇਦਨਸ਼ੀਲ ਖੇਤਰ 'ਤੇ ਘੁੰਮਦੇ ਰਹੇ। ਰਨਵੇਅ ਨੇੜੇ ਸ਼ੱਕੀ ਗਤੀਵਿਧੀ ਨੂੰ ਦੇਖ ਕੇ, ਏਅਰ ਟ੍ਰੈਫਿਕ ਕੰਟਰੋਲ ਨੇ ਇੱਕ ਅਲਰਟ ਜਾਰੀ ਕੀਤਾ ਅਤੇ ਕੁਝ ਉਡਾਣਾਂ ਨੂੰ ਮੋੜ ਦਿੱਤਾ ਗਿਆ।

## ਆਪ੍ਰੇਸ਼ਨ ਬਲਿਊ ਸਟਾਰ ਦੌਰਾਨ ਨੇੜੇ ਦੀਆਂ ਦੁਕਾਨਾਂ ਤੋਂ ਉਜੜੇ ਲੋਕਾਂ ਨੂੰ ਮਿਲਿਆ ਇਨਸਾਫ ; ਹਾਈਕੋਰਟ ਨੇ ਸੁਣਾਇਆ ਮਹੱਤਵਪੂਰਨ ਫੈਸਲਾ

**ਚੰਡੀਗੜ੍ਹ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਹਾਈਕੋਰਟ ਤੋਂ ਉਨ੍ਹਾਂ ਲੋਕਾਂ ਨੂੰ ਤਕਰੀਬਨ 42 ਸਾਲਾਂ ਬਾਅਦ ਇਨਸਾਫ ਮਿਲਿਆ ਜਿਨ੍ਹਾਂ ਦੀਆਂ ਦੁਕਾਨਾਂ ਆਪਰੇਸ਼ਨ ਬਲੂ ਸਟਾਰ ਦੌਰਾਨ ਤਬਾਹ ਹੋ ਗਈਆਂ ਸੀ। ਦੱਸ ਦਈਏ ਕਿ ਹਾਈਕੋਰਟ ਨੇ ਅਹਿਮ ਫੈਸਲਾ ਸੁਣਾਉਂਦੇ ਹੋਏ ਪੀੜਤਾਂ ਨੂੰ ਥਾਂ ਅਲਾਟ ਕਰਨ ਦੇ ਨਿਰਦੇਸ਼ ਦਿੱਤੇ ਹਨ। ਸੁਣਵਾਈ ਦੌਰਾਨ ਹਾਈ ਕੋਰਟ ਨੇ ਪੀੜਤ ਲੋਕਾਂ ਨੂੰ ਵਿਕਲਪਿਕ ਰਿਹਾਇਸ਼ ਪ੍ਰਦਾਨ ਕਰਨ ਅਤੇ 1988 ਦੇ ਕੋਰੀਡੋਰ ਪ੍ਰੋਜੈਕਟ ਦੇ ਤਹਿਤ ਨਿਰਧਾਰਤ ਕੀਤੇ ਅਨੁਸਾਰ 1,000 ਰੁਪਏ ਪ੍ਰਤੀ ਗਜ਼ ਦੀ ਦਰ ਨਾਲ ਜਗ੍ਹਾ ਅਲਾਟ ਕਰਨ ਦਾ ਹੁਕਮ ਦਿੱਤਾ ਹੈ। ਲੋਕਾਂ ਨੂੰ ਅੰਮ੍ਰਿਤਸਰ ਦੀ ਮਾਲ ਮੰਡੀ ਵਿੱਚ ਵਿਕਲਪਿਕ ਜਗ੍ਹਾ ਅਲਾਟ ਕੀਤੀ ਜਾ ਰਹੀ ਹੈ। ਦੱਸ ਦਈਏ ਕਿ ਪੀੜਤ ਪਰਿਵਾਰਾਂ ਵੱਲੋਂ ਤਕਰੀਬਨ 42 ਸਾਲਾਂ ਤੋਂ ਅਦਾਲਤਾਂ ਦੇ ਚੱਕਰ ਕੱਟੇ ਜਾ ਰਹੇ ਸੀ ਅਤੇ ਹੁਣ ਉਨ੍ਹਾਂ ਨੂੰ ਇਨਸਾਫ ਮਿਲ ਗਿਆ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ ਪੰਜਾਬ ਸਰਕਾਰ ਪੀੜਤ ਲੋਕਾਂ ਲਈ ਥਾਂ ਲਈ ਜ਼ਮੀਨ ਦੀ ਕੀਮਤ ਵਧਾ ਕੇ ਤੈਅ ਕਰ ਰਹੀ ਸੀ ਪਰ ਹਾਈਕੋਰਟ ਨੇ ਕਿਹਾ ਕਿ ਇਹ ਲੋਕ 42 ਸਾਲਾਂ ਤੋਂ ਬੇਘਰ ਹਨ, ਅਤੇ ਸਰਕਾਰ ਨੂੰ ਹਮਦਰਦੀ ਨਾਲ ਕਾਰਵਾਈ ਕਰਨੀ ਚਾਹੀਦੀ ਸੀ। ਇਸ ਮਾਮਲੇ ਨੂੰ ਸੁਪਰੀਮ ਕੋਰਟ ਨੇ ਸਾਲ 2017 'ਚ 10,000 ਰੁਪਏ ਪ੍ਰਤੀ ਗਜ ਦੇ ਆਧਾਰ 'ਤੇ ਜਮਾ ਕਰਵਾਉਣ ਦੇ ਨਿਰਦੇਸ਼ ਦਿੰਦੇ ਹੋਏ ਮਾਮਲੇ ਨੂੰ ਪੰਜਾਬ ਤੇ ਹਰਿਆਣਾ ਹਾਈਕੋਰਟ ਵਾਪਸ ਭੇਜ ਦਿੱਤਾ ਸੀ। ਜਨਵਰੀ 2020 'ਚ ਇਹ ਕੀਮਤ 14 ਹਜ਼ਾਰ 450 ਪ੍ਰਤੀ ਗਜ ਦੇ ਹਿਸਾਬ ਨਾਲ ਅਲਾਟ ਕੀਤੇ ਜਾਣ ਦਾ ਫੈਸਲਾ ਕੀਤਾ ਗਿਆ ਸੀ, ਪਰ ਇਸ ਤੋਂ ਬਾਅਦ ਜੁਲਾਈ 2022 'ਚ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਇਸਦੀ ਕੀਮਤ 38 ਹਜ਼ਾਰ 400 ਰੁਪਏ ਪ੍ਰਤੀ ਗਜ ਕਰ ਦਿੱਤਾ ਸੀ। ਇਸ 'ਤੇ ਪੰਜਾਬ ਤੇ ਹਰਿਆਣਾ ਹਾਈਕੋਰਟ ਨੂੰ ਝਾੜ ਲਗਾਉਂਦੇ ਹੋਏ ਪੁਰਾਣੇ ਰੇਟ ਦੇ ਆਧਾਰ 'ਤੇ ਥਾਂ ਅਲਾਟ ਕਰਨ ਦੇ ਹੁਕਮ ਦਿੱਤੇ ਹਨ। ਦੱਸ ਦਈਏ ਕਿ ਪੀੜਤ ਪਰਿਵਾਰਾਂ ਨੂੰ ਵੈਕਲਪਿਕ ਥਾਂ ਅੰਮ੍ਰਿਤਸਰ ਦੇ ਮਾਲਮੰਡੀ 'ਚ ਦਿੱਤੀ ਜਾ ਰਹੀ ਹੈ। ਇਨ੍ਹਾਂ 133 ਪੀੜਤਾਂ ਨੇ ਹਾਈਕੋਰਟ 'ਚ ਪਟੀਸ਼ਨ ਦਾਇਰ ਕਰਕੇ ਇਸ ਰੇਸ ਨੂੰ ਘੱਟ ਕਰਨ ਦੀ ਮੰਗ ਕੀਤੀ ਸੀ ਜਿਸ ਹੁਣ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਮੰਨ ਲਿਆ ਹੈ।

## ਪੰਜਾਬ 'ਤੇ ਹੋਰ ਵਧੇਗੀ ਕਰਜ਼ੇ ਦੀ ਪੰਡ ! 2,000 ਕਰੋੜ ਰੁਪਏ ਦਾ ਨਵਾਂ ਕਰਜ਼ਾ ਚੁੱਕੇਗੀ ਮਾਨ ਸਰਕਾਰ




**ਚੰਡੀਗੜ੍ਹ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਖਸਤਾ ਹਾਲਤ ਵਾਲੇ ਪੰਜਾਬ 'ਤੇ ਕਰਜ਼ੇ ਦੀ ਇੱਕ ਹੋਰ ਮਾਰ ਪੈਣ ਜਾ ਰਹੀ ਹੈ। ਪੰਜਾਬ ਸਰਕਾਰ ਵੱਲੋਂ 2000 ਰੁਪਏ ਦੇ ਹੋਰ ਕਰਜ਼ਾ ਚੁੱਕਣ ਦੀ ਤਿਆਰੀ ਲਗਭਗ ਕਰ ਲਈ ਗਈ ਹੈ। ਭਾਰਤੀ ਰਿਜ਼ਰਵ ਬੈਂਕ ਇਸ ਸਬੰਧੀ ਪੰਜਾਬ ਸਰਕਾਰ ਦੇ ਨਵੇਂ ਕਰਜ਼ੇ ਸਬੰਧੀ ਨੀਲਾਮੀ 8 ਸਤੰਬਰ ਨੂੰ ਕਰਨ ਜਾ ਰਿਹਾ ਹੈ। ਆਮ ਆਦਮੀ ਪਾਰਟੀ ਦੀ ਅਗਵਾਈ ਹੇਠਲੀ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਵੱਲੋਂ ਇੱਕੋ-ਦਿਨ 'ਚ 800 ਕਰੋੜ ਦੇ ਨਵੇਂ ਕਰਜ਼ੇ ਤੇ 1,200 ਕਰੋੜ ਦੇ ਪੁਰਾਣੇ ਬਾਂਡਸ ਦੀ ਮੁੜ-ਵਿਕਰੀ ਦਾ ਐਲਾਨ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਗਜ਼ਟ ਪੱਤਰਾਂ ਅਨੁਸਾਰ, 800 ਰੁਪਏ ਦਾ ਨਵਾਂ ਕਰਜ਼ਾ ਸਰਕਾਰ ਵੱਲੋਂ 9 ਸਤੰਬਰ 2026 ਤੋਂ 9 ਸਤੰਬਰ 2035 ਤੱਕ 9 ਸਾਲ ਲਈ ਲਿਆ ਜਾ ਰਿਹਾ ਹੈ, ਜਦਕਿ ਪੁਰਾਣੇ ਬਾਡਸ ਦੀ ਮੁੜ ਵਿਕਰੀ ਰਾਹੀਂ 1200 ਕਰੋੜ ਰੁਪਏ 9 ਸਤੰਬਰ 2026 ਤੋਂ 12 ਅਗਸਤ 2043 ਤੱਕ 17 ਸਾਲਾਂ ਲਈ ਚੁੱਕੇ ਜਾਣਗੇ। 800 ਕਰੋੜ ਰੁਪਏ ਦੇ ਕਰਜ਼ੇ ਲਈ ਵਿਆਜ਼ ਦਰਾਂ ਨੀਲਾਮੀ ਦੌਰਾਨ ਹੀ ਤੈਅ ਕੀਤੀਆਂ ਜਾਣਗੀਆਂ। ਪੰਜਾਬ ਸਰਕਾਰ ਵੱਲੋਂ ਇਸ ਕਰਜ਼ੇ ਨੂੰ ਲਏ ਜਾਣ ਪਿੱਛੇ ਪੰਜਾਬ ਵਿੱਚ ਚੱਲ ਰਹੇ ਵੱਖ ਵੱਖ ਵਿਕਾਸ ਪ੍ਰਾਜੈਕਟਾਂ ਨੂੰ ਦੱਸਿਆ ਗਿਆ ਹੈ। ਇਹ ਕਰਜ਼ਾ 7.65 ਪ੍ਰਤੀਸ਼ਤ ਸਾਲਾਨਾ ਦੀ ਦਰ ਨਾਲ ਵਿਆਜ਼ ਅਸਲ ਜਾਰੀ ਹੋਣ ਦੀ ਮਿਤੀ (12 ਅਗਸਤ 2026 ਦੀ ਸ਼ੁਰੂਆਤੀ) ਤੋਂ ਲੱਗੇਗਾ ਅਤੇ ਇਹ ਹਰ ਛੇ ਮਹੀਨੇ ਬਾਅਦ 12 ਫਰਵਰੀ ਅਤੇ 12 ਅਗਸਤ ਨੂੰ ਦਿੱਤਾ ਜਾਵੇਗਾ। ਭਾਰਤੀ ਰਿਜ਼ਰਵ ਬੈਂਕ ਵੱਲੋਂ ਇਸਦੀ ਨਿਲਾਮੀ 08 ਸਤੰਬਰ 2026 ਨੂੰ ਮੁੰਬਈ ਸਥਿਤ ਆਪਣੇ ਦਫ਼ਤਰ ਵਿਖੇ ਈ-ਕੁਬੇਰ ਸਿਸਟਮ ਰਾਹੀਂ ਕੀਤੀ ਜਾਵੇਗੀ। ਇਸ ਨਿਲਾਮੀ ਦੇ ਨਤੀਜੇ ਉਸੇ ਦਿਨ ਵੈੱਬਸਾਈਟ 'ਤੇ ਜਾਰੀ ਕੀਤੇ ਜਾਣਗੇ ਅਤੇ ਸਫਲ ਬੋਲੀਕਾਰਾਂ ਵੱਲੋਂ ਭੁਗਤਾਨ ਦੀ ਪ੍ਰਕਿਰਿਆ 09 ਸਤੰਬਰ 2026 ਤੱਕ ਮੁਕੰਮਲ ਕੀਤੀ ਜਾਵੇਗੀ। ਪੰਜਾਬ ਸਰਕਾਰ ਵੱਲੋਂ ਹੁਣ ਇਹ ਨਵਾਂ ਕਰਜ਼ਾ ਲਿਆ ਜਾ ਰਿਹਾ ਹੈ, ਜਿਸ ਨਾਲ ਸੂਬੇ ਦੀ ਆਰਥਿਕਤਾ 'ਤੇ ਹੋਰ ਬੋਝ ਪੈ ਜਾਵੇਗਾ। ਦੱਸ ਦਈਏ ਕਿ ਕੇਂਦਰੀ ਵਿੱਤ ਮੰਤਰਾਲੇ ਦੇ ਅੰਕੜਿਆਂ ਅਨੁਸਾਰ, ਦੇਸ਼ ਦੇ 28 ਸੂਬਿਆਂ ਵਿੱਚੋਂ ਪੰਜਾਬ ਕਰਜ਼ੇ ਦੇ ਮਾਮਲੇ ਵਿੱਚ 12ਵੇਂ ਸਥਾਨ 'ਤੇ ਹੈ।

## ਕਿਸਾਨਾਂ ਦੇ ਰੋਹ ਅੱਗੇ ਝੁਕੀ ਮਾਨ ਸਰਕਾਰ ! ਲਿਖਤੀ ਰੂਪ 'ਚ ਮੰਨੀਆਂ ਮੰਗਾਂ



**ਚੰਡੀਗੜ੍ਹ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-1 ਸਤੰਬਰ ਤੋਂ ਚੰਡੀਗੜ੍ਹ-ਮੁਹਾਲੀ ਸਰਹੱਦ ਵਿਖੇ ਮੰਗਾਂ ਨੂੰ ਲੈ ਕੇ ਧਰਨਾ ਲਾ ਕੇ ਬੈਠੇ ਕਿਸਾਨਾਂ ਨੂੰ ਆਖਿਰਕਾਰ ਜਿੱਤ ਪ੍ਰਾਪਤ ਹੋ ਗਈ ਹੈ। ਪੰਜਾਬ ਸਰਕਾਰ ਨੇ ਅੱਜ ਕਿਸਾਨਾਂ ਦੇ ਰੋਹ ਅੱਗੇ ਝੁਕਦਿਆਂ ਮੰਗਾਂ ਨੂੰ ਲਾਗੂ ਕਰਨ ਸਬੰਧੀ ਲਿਖਤੀ ਰੂਪ ਵਿੱਚ ਮੰਨ ਲਿਆ ਹੈ, ਜਿਸ ਤੋਂ ਬਾਅਦ ਕਿਸਾਨਾਂ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਹੈ। ਸੰਯੁਕਤ ਕਿਸਾਨ ਮੋਰਚੇ ਦੇ ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਖਿਰਕਾਰ ਕਿਸਾਨਾਂ ਦੀ ਵੱਡੀ ਜਿੱਤ ਹੋਈ ਹੈ, ਪੰਜਾਬ ਸਰਕਾਰ ਵੱਲੋਂ ਲਿਖਤੀ ਰੂਪ ਵਿੱਚ ਮੰਗਾਂ ਮੰਨੇ ਜਾਣ ਦਾ ਭਰੋਸਾ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਚਿੱਪ ਵਾਲੇ ਬਿਜਲੀ ਮੀਟਰਾਂ ਅਤੇ ਬਿਜਲੀ ਸੋਧ ਖਿਲਾਫ਼ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ 'ਚ ਮਤਾ ਪਾਇਆ ਜਾਵੇਗਾ। ਨਾਲ ਹੀ ਕਿਸਾਨਾਂ ਦੀ ਕਰਜ਼ਾ ਮਾਫੀ ਲਈ ਵਨ ਟਾਈਮ ਸੈਟਲਮੈਂਟ ਸਬੰਧੀ ਵੀ ਮਤਾ ਪਾਇਆ ਜਾਵੇਗਾ। ਇਸਤੋਂ ਇਲਾਵਾ ਦੇਸ਼ ਭਰ ਵਿੱਚ ਗੰਨੇ ਦਾ ਭਾਅ ਪੰਜਾਬ ਵਿੱਚ ਹੁਣ ਸਭ ਤੋਂ ਵੱਧ ਦੇਣ ਦਾ ਭਰੋਸਾ ਵੀ ਦਿੱਤਾ ਗਿਆ ਹੈ ਅਤੇ ਮੰਗ ਅਨੁਸਾਰ ਕੋਈ ਗੰਨਾ ਮਿੱਲ ਕਿਸਾਨਾਂ ਦਾ ਬਕਾਇਆ ਨਹੀਂ ਰੱਖ ਸਕੇਗੀ। ਕਿਸਾਨ ਆਗੂ ਰਾਜੇਵਾਲ ਨੇ ਦੱਸਿਆ ਕਿ ਇਸ ਸਬੰਧੀ ਪੰਜਾਬ ਦੇ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੀ ਕੁੱਝ ਸਮੇਂ ਬਾਅਦ ਜਾਣਕਾਰੀ ਦੇਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਾਲ ਸਵੇਰ ਤੋਂ ਕਿਸਾਨਾਂ ਦੀ ਮੀਟਿੰਗਾਂ ਚੱਲ ਰਹੀਆਂ ਸਨ, ਪਰ ਕੋਈ ਵੀ ਲਿਖਤੀ ਭਰੋਸਾ ਨਾ ਮਿਲਣ ਕਾਰਨ ਸਥਿਤੀ ਭੰਬਲਭੂਸੇ ਵਾਲੀ ਬਣੀ ਹੋਈ ਸੀ, ਪਰ ਹੁਣ ਕਿਸਾਨਾਂ ਨੂੰ ਮੰਗਾਂ ਸਬੰਧੀ ਲਿਖਤੀ ਤੌਰ 'ਤੇ ਮਿਲਣਾ ਵੱਡੀ ਜਿੱਤ ਹੈ। ਮੰਗਾਂ ਸਬੰਧੀ ਲਿਖਤੀ ਪੱਤਰ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਧਰਨੇ ਵਿੱਚ ਪਹੁੰਚ ਕੇ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੂੰ ਸੌਂਪਿਆ ਅਤੇ ਦੱਸਿਆ ਕਿ ਸਰਕਾਰ ਨੇ ਕਿਸਾਨਾਂ ਦੀਆਂ ਤਮਾਮ ਮੰਗਾਂ ਮੰਨ ਲਈਆਂ ਹਨ। ਉਨ੍ਹਾਂ ਮੋਰਚੇ 'ਚ ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਭਰੋਸਾ ਦਿਵਾਇਆ ਕਿ ਇਨ੍ਹਾਂ ਸਾਰੀਆਂ ਮੰਗਾਂ ਸਬੰਧੀ 1 ਮਹੀਨੇ ਦੇ ਅੰਦਰ ਸੈਸ਼ਨ ਬੁਲਾ ਕੇ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਧਰਨਾ ਖਤਮ ਹੋਣ ਸਬੰਧੀ ਜਾਣਕਾਰੀ ਦਿੰਦਿਆਂ ਸਾਰੇ ਪ੍ਰਦਰਸ਼ਨਕਾਰੀ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਹੁਣ ਆਰਾਮ ਨਾਲ ਆਪੋ-ਆਪਣੇ ਘਰਾਂ ਨੂੰ ਸਹੀ ਸਲਾਮਤ ਪਹੁੰਚਣ।

## ਹੈਵਾਨ ਬਣਿਆ ਪਤੀ, ਪਤਨੀ ਦਾ ਸਿਰ ਕੱਟ ਕੇ ਫਰਿੱਜ਼ 'ਚ ਰੱਖਿਆ ! ਕੁੱਝ ਮਹੀਨੇ ਪਹਿਲਾਂ ਹੀ ਹੋਇਆ ਸੀ ਵਿਆਹ



**ਗੁਹਾਟੀ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਸਾਮ ਦੇ ਗੁਹਾਟੀ ਤੋਂ ਇੱਕ ਰੌਂਗਟੇ ਖੜੇ ਕਰ ਦੇਣ ਵਾਲੀ ਵਾਰਦਾਤ ਸਾਹਮਣੇ ਆਈ ਹੈ। ਇੱਕ ਨਵ-ਵਿਆਹੇ ਮੁੰਡੇ ਨੇ ਆਪਣੀ ਪਤਨੀ ਦਾ ਕਤਲ ਕਰ ਦਿੱਤਾ ਹੈ, ਪਰ ਸਭ ਤੋਂ ਖੌਫਨਾਕ ਗੱਲ ਇਹ ਸੀ ਕਿ ਕੁੜੀ ਦਾ ਸਿਰ ਕੱਟ ਕੇ ਫਰਿੱਜ 'ਚ ਰੱਖਿਆ ਗਿਆ ਸੀ। ਜਾਣਕਾਰੀ ਅਨੁਸਾਰ, ਘਟਨਾ ਬਾਰੇ ਜਿਵੇਂ ਹੀ ਪਤਾ ਲੱਗਿਆ, ਇਲਾਕੇ 'ਚ ਦਹਿਸ਼ਤ ਫੈਲ ਗਈ। ਪੁਲਿਸ ਜਾਂਚ ਦੌਰਾਨ ਦੋਸ਼ੀ ਨੇ ਆਤਮ ਸਮਰਪਣ ਕਰ ਦਿੱਤਾ ਹੈ, ਜਿਸਦੀ ਪਛਾਣ 30 ਸਾਲਾ ਰਾਮਾਨੁਜ ਗੋਸਵਾਮੀ ਵਜੋਂ ਹੋਈ ਹੈ। ਰਾਮਾਨੁਜ 'ਤੇ ਆਪਣੀ ਪਤਨੀ ਰੀਆ ਤਾਲੁਕਦਾਰ ਦੀ ਹੱਤਿਆ ਕਰਨ ਅਤੇ ਉਸਦੀ ਲਾਸ਼ ਨੂੰ ਫਰਿੱਜ ਵਿੱਚ ਲੁਕਾਉਣ ਦਾ ਦੋਸ਼ ਹੈ। ਦੱਸਿਆ ਜਾ ਰਿਹਾ ਹੈ ਕਿ ਇਸ ਜੋੜੇ ਦਾ ਵਿਆਹ ਕੁਝ ਮਹੀਨੇ ਪਹਿਲਾਂ ਹੀ ਹੋਇਆ ਸੀ। ਉਹ ਗੁਹਾਟੀ ਦੇ ਹਾਟੀਗਾਓਂ ਪੁਲਿਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਇੱਕ ਅਪਾਰਟਮੈਂਟ ਵਿੱਚ ਰਹਿੰਦੇ ਸਨ। ਸਥਾਨਕ ਨਿਵਾਸੀਆਂ ਨੇ ਹਾਟੀਗਾਓਂ ਪੁਲਿਸ ਸਟੇਸ਼ਨ ਨੂੰ ਸੂਚਿਤ ਕੀਤਾ ਕਿ ਫਲੈਟ ਵਿੱਚੋਂ ਬਦਬੂ ਆ ਰਹੀ ਸੀ; ਜੋੜਾ ਪਿਛਲੇ ਦੋ ਦਿਨਾਂ ਤੋਂ ਨਹੀਂ ਦੇਖਿਆ ਗਿਆ ਸੀ ਅਤੇ ਉਨ੍ਹਾਂ ਦੇ ਫ਼ੋਨ ਬੰਦ ਸਨ। ਜਦੋਂ ਪੁਲਿਸ ਅਪਾਰਟਮੈਂਟ 'ਤੇ ਪਹੁੰਚੀ ਅਤੇ ਫਲੈਟ ਦਾ ਦਰਵਾਜ਼ਾ ਤੋੜਿਆ, ਤਾਂ ਉਨ੍ਹਾਂ ਨੂੰ ਇੱਕ ਕੁੜੀ ਦੀ ਟੁਕੜੇ-ਟੁਕੜੇ ਕੀਤੀ ਲਾਸ਼ ਮਿਲੀ। ਉਸਦੀ ਪਛਾਣ 25 ਸਾਲਾ ਰੀਆ ਤਾਲੁਕਦਾਰ ਵਜੋਂ ਹੋਈ, ਉਂਗਲਾਂ ਅੰਸ਼ਕ ਤੌਰ 'ਤੇ ਕੱਟੀਆਂ ਹੋਈਆਂ ਸਨ, ਲਾਸ਼ ਗਲੀ ਪਈ ਸੀ ਅਤੇ ਉਸਦਾ ਸਿਰ ਗਾਇਬ ਸੀ। ਘਰ ਦੀ ਤਲਾਸ਼ੀ ਲੈਣ 'ਤੇ ਪੁਲਿਸ ਨੂੰ ਮ੍ਰਿਤਕ ਦਾ ਸਿਰ ਫਰਿੱਜ ਵਿੱਚ ਰੱਖੇ ਇੱਕ ਪੋਲੀਥੀਨ ਬੈਗ ਦੇ ਅੰਦਰ ਮਿਲਿਆ। ਪੁਲਿਸ ਨੇ ਲਾਸ਼ ਅਤੇ ਕੱਟਿਆ ਹੋਇਆ ਸਿਰ ਬਰਾਮਦ ਕਰ ਲਿਆ ਹੈ ਅਤੇ ਪੋਸਟਮਾਰਟਮ ਲਈ ਮੋਰਚਰੀ ਵਿੱਚ ਭੇਜ ਦਿੱਤਾ ਹੈ। ਇਸ ਦੌਰਾਨ ਫਰਾਰ ਪਤੀ ਨੇ ਪੁਲਿਸ ਅੱਗੇ ਆਤਮ ਸਮਰਪਣ ਕਰ ਦਿੱਤਾ ਹੈ ਅਤੇ ਉਸਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

## ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

**ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।**



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ

ਮੈਂਬਰ ਐਸ.ਜੀ.ਪੀ.ਸੀ.

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਬ੍ਰਿਕਸ ਸੰਮੇਲਨ ਨੂੰ ਲੈ ਕੇ ਐਸਐਫਜੇ ਦੀ ਵੱਡੀ ਧਮਕੀ, ਅਮਰੀਕਾ ਤੋਂ ਖ਼ਾਲਿਸਤਾਨ ਦੇ ਸਮਰਥਨ ਦੀ ਮੰਗ

# "ਅਮਰੀਕਾ ਖ਼ਾਲਿਸਤਾਨ ਦਾ ਸਮਰਥਨ ਕਰੇ, ਅਸੀਂ ਬ੍ਰਿਕਸ ਨੂੰ ਇੱਟ-ਇੱਟ ਕਰਕੇ ਤੋੜ ਦਿਆਂਗੇ" - ਪੰਨੂ

## ਦਿੱਲੀ ਦੇ ਸਿੰਘੂ ਬਾਰਡਰ ਸਮੇਤ ਤਿੰਨ ਥਾਵਾਂ 'ਤੇ ਖ਼ਾਲਿਸਤਾਨੀ ਝੰਡੇ ਲਹਿਰਾਉਣ ਅਤੇ ਟਰੰਪ ਪੱਖੀ ਨਾਅਰੇ ਲਿਖਣ ਦਾ ਦਾਅਵਾ

ਲੰਡਨ, 7 ਸਤੰਬਰ (ਸਰਬਜੀਤ ਸਿੰਘ ਬਨੂੜ)- ਅਮਰੀਕਾ ਆਧਾਰਤ ਸਿੱਖਸ ਫਾਰ ਜਸਟਿਸ (ਐਸਐਫਜੇ) ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਆਗਾਮੀ ਬ੍ਰਿਕਸ ਸੰਮੇਲਨ ਨੂੰ ਨਿਸ਼ਾਨਾ ਬਣਾਉਂਦਿਆਂ ਇੱਕ ਵਿਵਾਦਪੂਰਨ ਬਿਆਨ ਜਾਰੀ ਕੀਤਾ ਹੈ। ਪੰਨੂ ਨੇ ਬ੍ਰਿਕਸ ਗਠਜੋੜ ਨੂੰ ਅਮਰੀਕੀ ਸਰਵਉੱਚਤਾ ਲਈ ਚੁਣੌਤੀ

ਆਵਾਜ਼ਿ ਕੌਮ AWAZE QAUM International Newspaper & WEB TV

ਕਰਾਰ ਦਿੰਦਿਆਂ ਕਿਹਾ ਕਿ ਜੇਕਰ ਅਮਰੀਕਾ ਆਜ਼ਾਦ ਖ਼ਾਲਿਸਤਾਨ ਦਾ ਸਮਰਥਨ ਕਰਦਾ ਹੈ ਤਾਂ ਖ਼ਾਲਿਸਤਾਨ ਸਮਰਥਕ ਤਾਕਤਾਂ ਬ੍ਰਿਕਸ ਨੂੰ "ਇੱਟ-ਇੱਟ ਕਰਕੇ ਤੋੜਨ" ਲਈ ਤਿਆਰ ਹਨ।

ਐਸਐਫਜੇ ਵੱਲੋਂ ਜਾਰੀ ਪ੍ਰੈੱਸ ਬਿਆਨ ਅਨੁਸਾਰ, ਜਥੇਬੰਦੀ ਦੇ ਵਿੰਗ 'ਸਿੱਖ ਹੋਮਲੈਂਡ ਸਿਕਿਓਰਿਟੀ' (ਐਸਐਚਐਸ) ਦੇ ਸਮਰਥਕਾਂ ਨੇ ਦਿੱਲੀ ਦੇ ਸਿੰਘੂ ਬਾਰਡਰ, ਰਾਜੀਵ ਗਾਂਧੀ ਸਪੋਰਟਸ ਕੰਪਲੈਕਸ ਅਤੇ ਗੁਰੂ ਤੇਗ ਬਹਾਦਰ ਮੈਮੋਰੀਅਲ ਕੰਪਲੈਕਸ ਵਿਖੇ ਖ਼ਾਲਿਸਤਾਨੀ ਝੰਡੇ ਲਹਿਰਾਏ ਅਤੇ ਟਰੰਪ ਤੇ ਅਮਰੀਕਾ ਦੇ ਸਮਰਥਨ ਵਿੱਚ ਨਾਅਰੇ ਲਿਖੇ। ਜਥੇਬੰਦੀ ਨੇ "ਮੋਦੀ ਦਾ ਬ੍ਰਿਕਸ ਟਰੰਪ ਅਤੇ ਅਮਰੀਕਾ ਵਿਰੋਧੀ ਹੈ" ਅਤੇ "ਮੋਦੀ ਦੇ ਬ੍ਰਿਕਸ ਨੂੰ ਖ਼ਤਮ ਕਰੋ" ਵਰਗੇ ਨਾਅਰੇ ਲਿਖਣ ਦਾ ਵੀ ਦਾਅਵਾ ਕੀਤਾ ਹੈ।

ਪੰਨੂੰ ਨੇ 12 ਅਤੇ 13 ਸਤੰਬਰ ਨੂੰ ਹੋਣ ਵਾਲੇ ਬ੍ਰਿਕਸ ਸੰਮੇਲਨ ਦੀਆਂ ਮੁੱਖ ਗਤੀਵਿਧੀਆਂ ਵਿੱਚ ਵਿਘਨ ਪਾਉਣ ਦੀ ਧਮਕੀ ਦਿੰਦਿਆਂ ਕਿਹਾ ਕਿ ਖ਼ਾਲਿਸਤਾਨ ਸਮਰਥਕ ਸਿੱਖ ਇਸ ਲਈ ਪੂਰੀ ਤਰ੍ਹਾਂ ਲਾਮਬੰਦ ਹਨ। ਉਨ੍ਹਾਂ ਨੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵਿਦੇਸ਼ ਨੀਤੀ ਦੀ ਆਲੋਚਨਾ ਕਰਦਿਆਂ ਦੋਸ਼ ਲਾਇਆ ਕਿ ਭਾਰਤ ਅਮਰੀਕਾ ਨਾਲ ਸਬੰਧ ਰੱਖਦਿਆਂ ਉਸ ਦੇ ਵਿਰੋਧੀ ਦੇਸ਼ਾਂ ਨਾਲ ਵੀ ਨੇੜਤਾ ਵਧਾ ਰਿਹਾ ਹੈ।







**ਟਰੰਪ ਪ੍ਰਸ਼ਾਸਨ ਅੱਗੇ ਰੱਖੀ ਰਣਨੀਤਕ ਪੇਸ਼ਕਸ਼**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਸਿੱਧਾ ਸੰਬੋਧਨ ਕਰਦਿਆਂ ਪੰਨੂੰ ਨੇ ਕਿਹਾ ਕਿ ਜੇਕਰ ਅਮਰੀਕਾ 'ਅਮਰੀਕਾ ਫਸਟ' ਨੀਤੀ ਨੂੰ ਸੁਰੱਖਿਅਤ ਰੱਖਣਾ, ਡਾਲਰ ਨੂੰ ਬ੍ਰਿਕਸ ਨਾਲ ਜੁੜੀਆਂ ਵਿੱਤੀ ਚੁਣੌਤੀਆਂ ਤੋਂ ਬਚਾਉਣਾ ਅਤੇ ਚੀਨ, ਰੂਸ ਤੇ ਇਰਾਨ ਦੇ ਮੁਕਾਬਲੇ ਦੱਖਣੀ ਏਸ਼ੀਆ ਵਿੱਚ ਜ਼ਮੀਨੀ ਸਮਰਥਨ ਹਾਸਲ ਕਰਨਾ ਚਾਹੁੰਦਾ ਹੈ ਤਾਂ ਟਰੰਪ ਪ੍ਰਸ਼ਾਸਨ ਨੂੰ ਇੱਕ ਪ੍ਰਭੂਸੱਤਾ ਸੰਪੰਨ ਸਿੱਖ ਰਾਜ ਦਾ ਸਮਰਥਨ ਕਰਨਾ ਚਾਹੀਦਾ ਹੈ। ਪੰਨੂੰ ਨੇ ਦਾਅਵਾ ਕੀਤਾ ਕਿ 'ਸਿੱਖ ਹੋਮਲੈਂਡ ਸਿਕਿਓਰਿਟੀ' ਦੱਖਣੀ ਏਸ਼ੀਆ ਵਿੱਚ ਅਮਰੀਕਾ ਦੇ ਸਭ ਤੋਂ ਵਫ਼ਾਦਾਰ ਸਹਿਯੋਗੀ ਵਜੋਂ ਕੰਮ ਕਰ ਸਕਦੀ ਹੈ। ਉਨ੍ਹਾਂ ਨੇ ਖ਼ਾਲਿਸਤਾਨ ਦੀ ਸਥਾਪਨਾ ਨੂੰ ਅਮਰੀਕਾ ਲਈ ਇੱਕ ਰਣਨੀਤਕ ਸੰਪਤੀ ਵਜੋਂ ਪੇਸ਼ ਕਰਦਿਆਂ ਬ੍ਰਿਕਸ ਨੂੰ ਕਮਜ਼ੋਰ ਕਰਨ, ਭਾਰਤ ਨੂੰ ਅਲੱਗ-ਥਲੱਗ ਕਰਨ ਅਤੇ ਚੀਨ ਤੇ ਰੂਸ ਦੇ ਪ੍ਰਭਾਵ ਨੂੰ ਸੀਮਤ ਕਰਨ ਦੀ ਗੱਲ ਕੀਤੀ।

**ਰੈਫਰੈਂਡਮ ਦੇ ਨਾਲ ਹਥਿਆਰਾਂ ਸਬੰਧੀ ਵਿਵਾਦਪੂਰਨ ਬਿਆਨ**-ਪੰਨੂੰ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਇਸ ਸਮੇਂ ਗਲੋਬਲ ਖ਼ਾਲਿਸਤਾਨ ਰੈਫਰੈਂਡਮ ਰਾਹੀਂ ਲੋਕਤੰਤਰਿਕ ਢੰਗ ਨਾਲ ਪੰਜਾਬ ਦੀ ਆਜ਼ਾਦੀ ਲਈ ਮੁਹਿੰਮ ਚਲਾ ਰਹੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਭਾਰਤੀ ਰਾਜ ਨੂੰ ਤੋੜਨ ਲਈ ਅਮਰੀਕਾ ਦੀ ਪਸੰਦ ਦੇ "ਹਥਿਆਰ" ਦੀ ਵਰਤੋਂ ਕਰਨ ਲਈ ਤਿਆਰ ਹੋਣ ਦਾ ਵਿਵਾਦਪੂਰਨ ਬਿਆਨ ਵੀ ਦਿੱਤਾ।

ਆਪਣੀ ਜਾਨ ਨੂੰ ਖ਼ਤਰੇ ਬਾਰੇ ਪੰਨੂ ਨੇ ਕਿਹਾ, "ਮੈਂ ਮੌਤ ਤੋਂ ਨਹੀਂ ਡਰਦਾ ਅਤੇ ਨਾ ਹੀ ਭਾਰਤ ਦੀਆਂ ਗੋਲੀਆਂ ਤੋਂ ਡਰਦਾ ਹਾਂ। ਮੈਂ ਪੰਜਾਬ ਦੀ ਆਜ਼ਾਦੀ ਲਈ ਮਰਨ ਨੂੰ ਤਿਆਰ ਹਾਂ ਅਤੇ ਅਮਰੀਕਾ ਦੀ ਸਰਵਉੱਚਤਾ ਕਾਇਮ ਰੱਖਣ ਲਈ ਵੀ ਮਰਨ ਨੂੰ ਤਿਆਰ ਹਾਂ।"




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV




## ਰਾਏ ਮੰਗਣ 'ਤੇ ਚੁੱਪੀ, ਹੁਣ ਚੀਫ਼ ਜਸਟਿਸ ਦੀ ਨਿਯੁਕਤੀ 'ਤੇ 'ਰਾਮ-ਰੌਲਾ' ਕਿਉਂ ?

# ਕੇਜਰੀਵਾਲ ਦੀ ਸ਼ਹਿ 'ਤੇ ਮਾਨ ਸਰਕਾਰ ਸੰਵਿਧਾਨਕ ਮਰਿਆਦਾਵਾਂ ਨੂੰ ਛਿੱਕੇ ਟੰਗ ਰਹੀ: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਦੀ ਨਿਯੁਕਤੀ ਨੂੰ ਲੈ ਕੇ ਪੰਜਾਬ ਸਰਕਾਰ ਵੱਲੋਂ, ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸ਼ਿਹ 'ਤੇ, ਪਾਏ ਜਾ ਰਹੇ 'ਰਾਮ-ਰੌਲੇ' ਨੂੰ ਘਟੀਆ ਸਿਆਸੀ ਡਰਾਮੇਬਾਜ਼ੀ ਕਰਾਰ ਦਿੱਤਾ ਹੈ।

ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਤੋਂ ਸਵਾਲ ਕੀਤਾ ਕਿ ਜਦੋਂ ਨਿਰਧਾਰਤ ਸੰਵਿਧਾਨਕ ਪ੍ਰਕਿਰਿਆ ਤਹਿਤ ਸਰਕਾਰ ਤੋਂ ਰਾਏ ਮੰਗੀ ਗਈ ਸੀ, ਤਾਂ ਮਾਨ ਸਰਕਾਰ ਕੁੰਭਕਰਨੀ ਨੀਂਦ ਕਿਉਂ ਸੁੱਤੀ ਰਹੀ ? ਉਨ੍ਹਾਂ ਪੁੱਛਿਆ "ਜੇਕਰ ਆਪਣੀ ਰਾਏ ਦੇਣ ਲਈ ਸਮਾਂ ਨਹੀਂ ਸੀ, ਤਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਫਿਰ ਸਰਕਾਰ ਨੇ ਕੱਲ੍ਹ ਇੰਨੇ ਥੋੜ੍ਹੇ ਸਮੇਂ ਵਿੱਚ ਐਮਰਜੈਂਸੀ ਕੈਬਨਿਟ ਮੀਟਿੰਗ ਕਿਵੇਂ ਬੁਲਾ ਲਈ ?" ਉਨ੍ਹਾਂ ਕਿਹਾ ਕਿ ਹਾਈ ਕੋਰਟ ਦੇ ਚੀਫ਼ ਜਸਟਿਸ ਦੀ ਨਿਯੁਕਤੀ ਸੰਵਿਧਾਨਕ ਅਤੇ ਨਿਆਂਇਕ ਪ੍ਰਕਿਰਿਆ ਰਾਹੀਂ ਹੁੰਦੀ ਹੈ ਅਤੇ ਇਹ ਕੋਈ ਸਿਆਸੀ ਨਿਯੁਕਤੀ ਨਹੀਂ ਹੈ। ਅਜਿਹੀ ਨਿਯੁਕਤੀ 'ਤੇ ਇਤਰਾਜ਼ ਨੂੰ ਲੈ ਕੇ ਕੈਬਨਿਟ ਮਤਾ ਪਾਸ ਕਰਨਾ ਅਤੇ ਮੁੱਖ ਮੰਤਰੀ ਵੱਲੋਂ ਪ੍ਰਧਾਨ ਮੰਤਰੀ ਨੂੰ ਪੱਤਰ ਲਿਖਣਾ ਸਿਰਫ਼ ਬੇਲੋੜਾ ਵਿਵਾਦ ਖੜ੍ਹਾ ਕਰਦਾ ਹੈ। ਇਸ ਮਾਮਲੇ ਨੂੰ ਸਿਆਸੀ ਟਕਰਾਅ ਦਾ ਵਿਸ਼ਾ ਨਹੀਂ ਬਣਾਇਆ ਜਾਣਾ ਚਾਹੀਦਾ।

ਪ੍ਰੋ. ਖਿਆਲਾ ਨੇ ਕਿਹਾ ਕਿ ਚੀਫ਼ ਜਸਟਿਸ ਦੀ ਨਿਯੁਕਤੀ ਦੇ ਮਾਮਲੇ ਵਿੱਚ ਮਾਨ ਸਰਕਾਰ ਪੰਜਾਬ ਦੇ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਦੀ







ਨਿਯੁਕਤੀ ਸਬੰਧੀ ਪ੍ਰਸਤਾਵ 10 ਅਗਸਤ ਨੂੰ ਪੰਜਾਬ ਸਰਕਾਰ ਨੂੰ ਰਾਏ ਦੇਣ ਲਈ ਭੇਜਿਆ ਗਿਆ ਸੀ, ਤਾਂ ਸਰਕਾਰ ਨੇ ਇਸ ਨੂੰ ਠੰਢੇ ਬਸਤੇ ਵਿੱਚ ਪਾ ਦਿੱਤਾ ਅਤੇ ਸਮੇਂ ਸਿਰ ਆਪਣੀ ਕੋਈ ਰਾਏ ਜਾਂ ਇਤਰਾਜ਼ ਦਰਜ ਨਹੀਂ ਕਰਵਾਇਆ।

ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਕੈਬਨਿਟ ਵੱਲੋਂ ਜਸਟਿਸ ਮਿਸ਼ਰਾ ਦੇ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਨਾ ਹੋਣ ਦੀ ਵੀ ਤਿੱਖੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਸੰਵਿਧਾਨਕ ਜ਼ਿੰਮੇਵਾਰੀਆਂ ਨਾਲੋਂ ਸਿਆਸੀ ਸਹੂਲਤ ਨੂੰ ਤਰਜੀਹ ਦੇ ਰਹੀ ਹੈ। ਜਦੋਂ ਪੰਜਾਬ ਸਰਕਾਰ ਕੋਲ ਆਪਣੀ ਗੱਲ ਰੱਖਣ ਦਾ ਮੌਕਾ ਸੀ, ਉਦੋਂ ਉਹ ਚੁੱਪ ਰਹੀ। ਹੁਣ ਨਿਯੁਕਤੀ ਹੋਣ ਮਗਰੋਂ ਸਿਆਸੀ ਰੌਲਾ ਪਾਉਣਾ ਦਰਸਾਉਂਦਾ ਹੈ ਕਿ ਮਾਨ ਸਰਕਾਰ ਲਈ ਇਹ ਮਾਮਲਾ ਸੰਵਿਧਾਨਕ ਚਿੰਤਾ ਨਾਲੋਂ ਵੱਧ ਸਿਆਸੀ ਮੌਕਾਪ੍ਰਸਤੀ ਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸਰਕਾਰ ਦੇ ਵਿਰੋਧ ਦਾ ਇੱਕ ਵੱਡਾ ਕਾਰਨ ਜਸਟਿਸ ਮਿਸ਼ਰਾ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਬਕਾਇਆ ਡੀ.ਏ. ਅਤੇ ਡੀ.ਆਰ. ਦੇ ਮਾਮਲੇ ਵਿੱਚ ਅਪਣਾਇਆ ਗਿਆ ਸਖ਼ਤ ਰੁਖ਼ ਵੀ ਜਾਪਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਰਾਜਨੀਤੀ ਲੰਮੇ ਸਮੇਂ ਤੋਂ ਟਕਰਾਅ 'ਤੇ ਕੇਂਦਰਿਤ ਰਹੀ ਹੈ ਅਤੇ ਉਸੇ ਸਿਆਸੀ ਮਾਡਲ ਨੂੰ ਪੰਜਾਬ ਵਿੱਚ ਅੱਗੇ ਵਧਾਉਣਾ ਸੂਬੇ ਲਈ ਨੁਕਸਾਨਦੇਹ ਹੈ। ਉਨ੍ਹਾਂ ਕਿਹਾ, "ਪੰਜਾਬ ਨੂੰ ਟਕਰਾਅ ਦੀ ਨਹੀਂ, ਤਰੱਕੀ ਦੀ ਰਾਜਨੀਤੀ ਦੀ ਲੋੜ ਹੈ।"

ਉਨ੍ਹਾਂ ਮਾਨ ਸਰਕਾਰ ਨੂੰ ਟਕਰਾਅ ਨੂੰ ਸਿਆਸੀ ਹਥਿਆਰ ਬਣਾਉਣ ਦੀ ਬਜਾਏ ਸੰਵਾਦ, ਸਹਿਯੋਗ ਅਤੇ ਸੰਵਿਧਾਨਕ ਮਰਿਆਦਾ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਨਸ਼ਿਆਂ, ਬੇਰੁਜ਼ਗਾਰੀ, ਵਧਦੇ ਕਰਜ਼ੇ, ਉਦਯੋਗਿਕ ਪਿੱਛੜੇਪਣ, ਕਿਸਾਨੀ ਸੰਕਟ ਅਤੇ ਕਮਜ਼ੋਰ ਵਿੱਤੀ ਸਥਿਤੀ ਵਰਗੀਆਂ ਗੰਭੀਰ ਚੁਣੌਤੀਆਂ ਨਾਲ ਜੂਝ ਰਿਹਾ ਹੈ। ਅਜਿਹੇ ਸਮੇਂ ਕੇਂਦਰ ਨਾਲ ਹਰ ਮਾਮਲੇ 'ਤੇ ਟਕਰਾਅ ਪੈਦਾ ਕਰਨਾ ਨਾ ਤਾਂ ਪੰਜਾਬ ਦੀ ਅਰਥਵਿਵਸਥਾ ਲਈ ਚੰਗਾ ਹੈ ਅਤੇ ਨਾ ਹੀ ਪੰਜਾਬ ਦੇ ਲੋਕਾਂ ਦੇ ਹਿੱਤ ਵਿੱਚ।

ਪ੍ਰੋ. ਖਿਆਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਉਹ ਸੰਵਿਧਾਨਕ ਦਾਇਰੇ ਵਿੱਚ ਰਹਿ ਕੇ ਕੇਂਦਰ ਨਾਲ ਸਹਿਯੋਗ ਕਰਨ, ਨਿਆਂਪਾਲਿਕਾ ਦੀ ਸੁਤੰਤਰਤਾ ਦਾ ਸਤਿਕਾਰ ਕਰਨ ਅਤੇ ਸੂਬੇ ਦੇ ਹਿੱਤਾਂ ਨੂੰ ਸਿਆਸੀ ਮਤਭੇਦਾਂ ਤੋਂ ਉੱਪਰ ਰੱਖਣ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਕੇਂਦਰ ਨਾਲ ਟਕਰਾ ਕੇ ਨਹੀਂ, ਸਗੋਂ ਉਸ ਨਾਲ ਮਿਲ ਕੇ ਕੰਮ ਕਰਦਿਆਂ ਅੱਗੇ ਲਿਜਾਇਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਕੇਂਦਰ ਨਾਲ ਸਿਆਸੀ ਮਤਭੇਦ ਹੋ ਸਕਦੇ ਹਨ, ਪਰ ਸੰਵਿਧਾਨਕ ਮਰਿਆਦਾ ਅਤੇ ਸੰਸਥਾਗਤ ਸਹਿਯੋਗ ਨਾਲ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ। ਸਿਆਸੀ ਸਹੂਲਤ ਲਈ ਸੰਵਿਧਾਨਕ ਵਿਵਸਥਾ ਨੂੰ ਵਿਵਾਦ ਵਿੱਚ ਘਸੀਟਣਾ ਪੰਜਾਬ ਨੂੰ ਹੋਰ ਪਿੱਛੇ ਧੱਕੇਗਾ।

### ਐੱਫ.ਐੱਸ.ਓ. ਯੂ.ਕੇ. ਵੱਲੋਂ ਸਿੱਖਾਂ ਨੂੰ

# ਆਰ.ਐੱਸ.ਐੱਸ. ਤੋਂ ਸੁਚੇਤ ਰਹਿਣ ਦੀ ਅਪੀਲ



**ਲੰਡਨ, 7 ਸਤੰਬਰ (ਸਰਬਜੀਤ ਸਿੰਘ ਬਨੂੜ)-** ਆਰ.ਐੱਸ.ਐੱਸ. ਮੁਖੀ ਮੋਹਨ ਭਾਗਵਤ ਦੀ ਬਰਤਾਨੀਆ ਫੇਰੀ ਅਤੇ ਗੁਰਦੁਆਰਾ ਸਾਹਿਬ ਦੇ ਦੌਰੇ ਨੂੰ ਲੈ ਕੇ ਫੈਡਰੇਸ਼ਨ ਆਫ ਸਿੱਖ ਆਰਗੇਨਾਈਜ਼ੇਸ਼ਨਜ਼ (ਐੱਫ.ਐੱਸ.ਓ.) ਯੂ.ਕੇ. ਨੇ ਸਖ਼ਤ ਪ੍ਰਤੀਕਰਮ ਪ੍ਰਗਟ ਕੀਤਾ ਹੈ। ਆਜ਼ਾਦ ਸਿੱਖ ਰਾਜ ਖਾਲਿਸਤਾਨ ਦੇ ਨਿਸ਼ਾਨੇ ਲਈ ਯਤਨਸ਼ੀਲ ਸਿੱਖ ਜਥੇਬੰਦੀਆਂ ਦੇ ਇਸ ਸੰਗਠਨ ਨੇ ਦੋਸ਼ ਲਾਇਆ ਕਿ ਆਰ.ਐੱਸ.ਐੱਸ. ਵੱਲੋਂ ਵਿਦੇਸ਼ਾਂ ਵਿੱਚ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਸਿੱਖ ਕੌਮ ਦੀ ਵਿਲੱਖਣ ਪਛਾਣ ਲਈ ਚਿੰਤਾ ਦਾ ਵਿਸ਼ਾ ਹਨ। ਜਥੇਬੰਦੀ ਨੇ ਸਿੱਖ ਸੰਗਤ ਨੂੰ ਅਪੀਲ ਕੀਤੀ ਹੈ ਕਿ ਉਹ ਅਜਿਹੀਆਂ ਵਿਚਾਰਧਾਰਕ ਕੋਸ਼ਿਸ਼ਾਂ ਪ੍ਰਤੀ ਸੁਚੇਤ ਰਹੇ ਅਤੇ ਸਿੱਖ ਸਿਧਾਂਤਾਂ ਤੇ ਇਤਿਹਾਸ ਦੀ ਰੌਸ਼ਨੀ ਵਿੱਚ ਆਪਣੀ ਪਛਾਣ ਦੀ ਰਾਖੀ ਕਰੇ।

**ਆਰ.ਐੱਸ.ਐੱਸ. ਦੇ ਫਿਰਕਾਪ੍ਰਸਤ ਆਗੂਆਂ ਦੀਆਂ ਗੁਪਤ ਵਿਦੇਸ਼ੀ ਫੇਰੀਆਂ ਡੂੰਘੀ ਸਾਜ਼ਿਸ਼ ਦਾ ਸੰਕੇਤ - ਫੈਡਰੇਸ਼ਨ ਆਫ ਸਿੱਖ ਆਰਗੇਨਾਈਜ਼ੇਸ਼ਨਜ਼ ਯੂ.ਕੇ.**

ਫੈਡਰੇਸ਼ਨ ਦੇ ਕੋਆਰਡੀਨੇਟਰ ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ ਵੱਲੋਂ ਜਾਰੀ ਪ੍ਰੈੱਸ ਬਿਆਨ ਵਿੱਚ ਕਿਹਾ ਗਿਆ ਕਿ ਕਿਸੇ ਵੀ ਵਿਅਕਤੀ ਦਾ ਸ਼ਰਧਾਲੂ ਵਜੋਂ ਗੁਰਦੁਆਰਾ ਸਾਹਿਬ ਆ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋਣਾ ਵੱਖਰੀ ਗੱਲ ਹੈ, ਪਰ ਮੋਹਨ ਭਾਗਵਤ ਦੇ ਦੌਰੇ ਤੋਂ ਬਾਅਦ ਵੀਡੀਓਜ਼ ਅਤੇ ਖ਼ਬਰਾਂ ਦਾ ਪ੍ਰਚਾਰ ਹੋਣਾ ਕਈ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਅਜਿਹੀਆਂ ਗਤੀਵਿਧੀਆਂ ਸਿੱਖ ਸੰਗਤ ਦੀ ਹਮਦਰਦੀ ਹਾਸਲ ਕਰਨ ਦੀ ਕਿਸੇ ਵੱਡੀ ਰਣਨੀਤੀ ਦਾ ਹਿੱਸਾ ਹੋ ਸਕਦੀਆਂ ਹਨ। ਜਥੇਬੰਦੀ ਨੇ ਇਨ੍ਹਾਂ ਦੌਰਿਆਂ ਦੇ ਉਦੇਸ਼ਾਂ ਬਾਰੇ ਸਪੱਸ਼ਟਤਾ ਦੀ ਮੰਗ ਕਰਦਿਆਂ ਕਿਹਾ ਕਿ ਧਾਰਮਿਕ ਅਸਥਾਨਾਂ ਨੂੰ ਕਿਸੇ ਸਿਆਸੀ ਜਾਂ ਵਿਚਾਰਧਾਰਕ ਮੁਹਿੰਮ ਲਈ ਵਰਤਿਆ ਜਾਣਾ ਉਚਿਤ ਨਹੀਂ ਹੈ। ਆਗੂਆਂ ਨੇ ਕਿਹਾ ਕਿ ਸਿੱਖ ਧਰਮ ਦੀ ਨੀਂਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ, ਗੁਰੂ ਸਾਹਿਬਾਨ ਦੀ ਵਿਚਾਰਧਾਰਾ ਅਤੇ ਸਿੱਖ ਰਹਿਤ-ਮਰਯਾਦਾ 'ਤੇ ਆਧਾਰਿਤ ਹੈ। ਸਿੱਖਾਂ ਦੀ ਆਪਣੀ ਵੱਖਰੀ ਧਾਰਮਿਕ ਅਤੇ ਕੌਮੀ ਪਛਾਣ ਹੈ, ਜਿਸ ਨੂੰ ਕਿਸੇ ਹੋਰ ਧਰਮ ਜਾਂ ਸਿਆਸੀ ਵਿਚਾਰਧਾਰਾ ਦਾ ਹਿੱਸਾ ਦਰਸਾਉਣਾ ਸਿੱਖ ਸਿਧਾਂਤਾਂ ਅਤੇ ਇਤਿਹਾਸ ਨਾਲ ਇਨਸਾਫ਼ ਨਹੀਂ ਹੋਵੇਗਾ। ਉਨ੍ਹਾਂ ਆਰ.ਐੱਸ.ਐੱਸ. ਦੀ 'ਹਿੰਦੂ ਰਾਸ਼ਟਰ' ਨਾਲ ਜੁੜੀ ਵਿਚਾਰਧਾਰਾ ਬਾਰੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਧਰਮ ਨੂੰ ਹਿੰਦੂ ਰਾਸ਼ਟਰਵਾਦੀ ਢਾਂਚੇ ਵਿੱਚ ਸਮੇਟਣ ਦੀ ਕਿਸੇ ਵੀ ਕੋਸ਼ਿਸ਼ ਦਾ ਸਿਧਾਂਤਕ ਅਤੇ ਤੱਥ-ਆਧਾਰਿਤ ਵਿਰੋਧ ਕੀਤਾ ਜਾਵੇਗਾ। ਫੈਡਰੇਸ਼ਨ ਨੇ ਸਪੱਸ਼ਟ ਕੀਤਾ ਕਿ ਉਸ ਦਾ ਵਿਰੋਧ ਕਿਸੇ ਆਮ ਹਿੰਦੂ ਵਿਅਕਤੀ ਜਾਂ ਹਿੰਦੂ ਧਰਮ ਦੇ ਪੈਰੋਕਾਰਾਂ ਨਾਲ ਨਹੀਂ, ਸਗੋਂ ਉਨ੍ਹਾਂ ਸੰਸਥਾਗਤ ਕੋਸ਼ਿਸ਼ਾਂ ਨਾਲ ਹੈ ਜੋ ਸਿੱਖ ਧਰਮ ਦੀ ਵਿਲੱਖਣਤਾ ਨੂੰ ਨਕਾਰਦੀਆਂ ਹਨ। ਸਿੱਖ ਕੌਮ ਹਰ ਧਰਮ ਦੇ ਸਤਿਕਾਰ, ਧਾਰਮਿਕ ਆਜ਼ਾਦੀ ਅਤੇ ਮਨੁੱਖੀ ਬਰਾਬਰੀ ਦੀ ਹਾਮੀ ਰਹੀ ਹੈ ਅਤੇ ਇਹ ਸਿਧਾਂਤ ਉਸ ਦੀ ਵਿਚਾਰਧਾਰਾ ਦਾ ਅਟੁੱਟ ਹਿੱਸਾ ਹਨ। ਜਥੇਬੰਦੀ ਨੇ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਤਿਹਾਸ ਅਤੇ ਸਿਧਾਂਤਾਂ ਬਾਰੇ ਜਾਣਕਾਰੀ ਵਧਾਉਣ ਅਤੇ ਕਿਸੇ ਵੀ ਗੁੰਮਰਾਹਕੁੰਨ ਪ੍ਰਚਾਰ ਦਾ ਜਵਾਬ ਸੂਝ-ਬੂਝ, ਤੱਥਾਂ ਅਤੇ ਸਾਰਥਿਕ ਵਿਚਾਰ-ਵਟਾਂਦਰੇ ਰਾਹੀਂ ਦੇਣ। ਆਗੂਆਂ ਨੇ ਕਿਹਾ ਕਿ ਸਿੱਖ ਕੌਮ ਆਪਣੀ ਧਾਰਮਿਕ ਆਜ਼ਾਦੀ ਅਤੇ ਵਿਲੱਖਣ ਪਛਾਣ ਦੀ ਰਾਖੀ ਲਈ ਆਵਾਜ਼ ਬੁਲੰਦ ਕਰਦੀ ਰਹੇਗੀ ਅਤੇ ਆਪਣੇ ਰਾਜਨੀਤਿਕ ਕੌਮੀ ਨਿਸ਼ਾਨੇ ਖਾਲਿਸਤਾਨ ਪ੍ਰਤੀ ਯਤਨਸ਼ੀਲ ਰਹੇਗੀ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਏ.ਆਈ. ਵਿਸ਼ੇ 'ਤੇ ਰਿਫ੍ਰੈਸ਼ਰ ਕੋਰਸ




ਤਲਵੰਡੀ ਸਾਬੋ, 07 ਸਤੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਮਨੁੱਖੀ ਸਰੋਤ ਅਤੇ ਵਿਕਾਸ ਕੇਂਦਰ ਫੈਕਲਟੀ ਆਫ਼ ਸਾਇੰਸਜ਼, ਹਿਊਮੈਨਟੀਜ਼ ਐਂਡ ਲੈਂਗੂਏਜ਼ਸ ਵੱਲੋਂ ਮਿਸ਼ਨ ਟੀਚਰ ਟ੍ਰੇਨਿੰਗ ਸੈਂਟਰ ਅਤੇ ਮਹਾਰਾਜਾ ਸਯਾਜੀਰਾਓ ਯੂਨੀਵਰਸਿਟੀ ਆਫ਼ ਬੜੌਦਾ, ਵਡੋਦਰਾ ਵੱਲੋਂ ਉੱਚ ਸਿੱਖਿਆ ਵਿੱਚ ਮਸਨੂਈ ਬੁੱਧੀ ਦੇ ਯੋਗਦਾਨ ਵਿਸ਼ੇ 'ਤੇ ਕਰਵਾਏ ਜਾ ਰਹੇ 12 ਰੋਜ਼ਾ ਰਿਫ੍ਰੈਸ਼ਰ ਕੋਰਸ ਬਾਰੇ ਕਿਤਾਬਚਾ ਵਾਈਸ ਚਾਂਸਲਰ ਡਾ. ਬਲਰਾਜ ਸਿੰਘ, ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਅਤੇ ਪੀਯੂਸ਼ ਵਰਮਾ ਵੱਲੋਂ ਰੀਲੀਜ਼ ਕੀਤਾ ਗਿਆ। ਕੋਰਸ ਦੇ ਕੁਆਰਡੀਨੇਟਰ ਡਾ. ਕਵਿਤਾ ਰਾਣੀ, ਕਨਵੀਨਰ ਡਾ. ਅਮਿਤ ਟੁਟੇਜਾ, ਵੱਖ-ਵੱਖ ਵਿਭਾਗਾਂ ਦੇ ਡੀਨ ਅਤੇ ਅਧਿਕਾਰੀ ਵੀ ਇਸ ਮੌਕੇ ਹਾਜ਼ਰ ਸਨ। ਰਿਫ੍ਰੈਸ਼ਰ ਕੋਰਸ ਉੱਚ ਸਿੱਖਿਆ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਦੀ ਤੇਜ਼ੀ ਨਾਲ ਬਦਲ ਰਹੀ ਭੂਮਿਕਾ ਨੂੰ ਧਿਆਨ ਵਿੱਚ ਰੱਖ ਕੇ ਕਰਵਾਇਆ ਜਾ ਰਿਹਾ ਹੈ। ਇਸ ਦਾ ਉਦੇਸ਼ ਫੈਕਲਟੀ ਮੈਂਬਰਾਂ ਨੂੰ ਅਜਿਹਾ ਗਿਆਨ , ਹੁਨਰ ਅਤੇ ਨੈਤਿਕ ਸਮਝ ਪ੍ਰਦਾਨ ਕਰਨਾ ਹੈ, ਜਿਸ ਰਾਹੀਂ ਉਹ ਅਧਿਆਪਨ, ਸਿੱਖਣ, ਖੋਜ ਅਤੇ ਅਕਾਦਮਿਕ ਗਤੀਵਿਧੀਆਂ ਵਿੱਚ ਏ.ਆਈ. ਦੀ ਸਾਰਥਕ ਵਰਤੋਂ ਕਰ ਸਕਣ। ਪ੍ਰੋਗਰਾਮ ਵਿੱਚ 90 ਮਿੰਟ ਦੇ 48 ਸੈਸ਼ਨ ਹੋਣਗੇ। ਕੋਰਸ ਦਾ ਇੱਕ ਮੱਤਵਪੂਰਨ ਹਿੱਸਾ ਅਕਾਦਮਿਕ ਅਤੇ ਏ.ਆਈ. ਦੀ ਨੈਤਿਕ, ਕਾਨੂੰਨੀ ਅਤੇ ਜ਼ਿੰਮੇਵਾਰ ਵਰਤੋਂ ਨਾਲ ਸੰਬੰਧਤ ਹੋਵੇਗਾ। ਇਸ ਦਾ ਉਦੇਸ਼ ਅਧਿਆਪਕਾਂ ਨੂੰ ਸਿਰਫ਼ ਏ.ਆਈ. ਟੂਲਜ਼ ਦੀ ਵਰਤੋਂ ਤੱਕ ਸੀਮਿਤ ਨਾ ਰੱਖ ਕੇ, ਉਨ੍ਹਾਂ ਨੂੰ ਵਿਚਾਰਸ਼ੀਲ, ਵਿਗਿਆਨਕ ਅਤੇ ਨੈਤਿਕ ਏਕੀਕਰਨ ਵੱਲ ਪ੍ਰੇਰਿਤ ਕਰਨਾ ਹੈ। ਰਿਫ੍ਰੈਸ਼ਰ ਕੋਰਸ ਦੇ ਕਨਵੀਨਰ ਡਾ. ਕਵਿਤਾ ਅਤੇ ਕੁਆਰਡੀਨੇਟਰ ਡਾ. ਟੁਟੇਜਾ ਨੇ ਦੱਸਿਆ ਕਿ ਇਹ ਪ੍ਰੋਗਰਾਮ ਸਰਕਾਰੀ, ਨਿੱਜੀ ਅਤੇ ਕੇਂਦਰੀ ਯੂਨੀਵਰਸਿਟੀਆਂ, ਕਾਲਜਾਂ ਅਤੇ ਹੋਰ ਉੱਚ ਸਿੱਖਿਆ ਅਦਾਰਿਆਂ ਦੇ ਫੈਕਲਟੀ ਮੈਂਬਰਾਂ ਲਈ ਉਪਲੱਬਧ ਹੋਵੇਗਾ। ਭਾਗੀਦਾਰਾਂ ਨੂੰ ਅਣਇਤਰਾਜ਼ੀ ਪ੍ਰਮਾਣ-ਪੱਤਰ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਵਾਗਾ। ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 18 ਸਤੰਬਰ 2026 ਹੈ, ਜਦਕਿ ਪ੍ਰੋਗਰਾਮ 22 ਸਤੰਬਰ 2026 ਤੋਂ ਸ਼ੁਰੂ ਹੋਵੇਗਾ। ਖਾਸ ਗੱਲ ਇਹ ਹੈ ਕਿ ਇਸ ਪ੍ਰੋਗਰਾਮ ਲਈ ਕੋਈ ਰਜਿਸਟ੍ਰੇਸ਼ਨ ਫੀਸ ਨਹੀਂ ਹੈ। ਜੋ ਭਾਗੀਦਾਰ ਸਾਰੇ ਸੈਸ਼ਨਾਂ ਵਿੱਚ ਹਾਜ਼ਰੀ ਭਰਨਗੇ ਅਤੇ ਮੁਲਾਂਕਣ ਟੈਸਟ ਸਫਲਤਾਪੂਰਵਕ ਪਾਸ ਕਰਨਗੇ, ਉਨ੍ਹਾਂ ਨੂੰ ਈ-ਸਰਟੀਫਿਕੇਟ ਪ੍ਰਦਾਨ ਕੀਤੇ ਜਾਣਗੇ। ਪ੍ਰੋਗਰਾਮ ਦੌਰਾਨ ਭਾਗੀਦਾਰਾਂ ਲਈ ਨਾਸ਼ਤੇ ਅਤੇ ਦੁਪਹਿਰ ਦਾ ਖਾਣੇ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਹਾਲਾਂਕਿ ਯਾਤਰਾ ਅਤੇ ਰਿਹਾਇਸ਼ ਦਾ ਪ੍ਰਬੰਧ ਭਾਗੀਦਾਰਾਂ ਨੂੰ ਖੁਦ ਕਰਨਾ ਪਵੇਗਾ।

## ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਬਣਾਉਣ ਨਾਲ ਨੌਜਵਾਨਾਂ ਵਿਚ ਉਤਸ਼ਾਹ: ਗੋਲਡੀ ਖੰਗੂੜਾ

ਧੂਰੀ ( ਰਣਜੀਤ ਸਿੰਘ ਪੇਧਨੀ ) ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਬਣਾਉਣ ਦਾ ਜ਼ੋਰਦਾਰ ਸਵਾਗਤ ਕਰਦਿਆਂ ਹਲਕਾ ਧੂਰੀ ਤੋਂ ਕਾਗਰਸ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਦਲਵੀਰ ਸਿੰਘ ਗੋਲਡੀ ਖੰਗੂੜਾ ਸਾਬਕਾ ਵਿਧਾਇਕ ਨੇ ਕਿਹਾ ਕਿ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਇੰਚਾਰਜ ਬਣਾਉਣ ਨਾਲ ਨੌਜਵਾਨਾਂ ਵਿਚ ਉਤਸ਼ਾਹ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੀ ਸੋਚ ਨੌਜਵਾਨਾਂ ਨੂੰ ਅੱਗੇ ਲੈਕੇ ਆਉਣ ਦੀ ਹੈ ਅਤੇ ਇਸ ਸੋਚ ਨੂੰ ਅੱਗੇ ਵਧਾਉਂਦੇ ਹੋਏ ਹੀ ਨੌਜਵਾਨ ਆਗੂ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੌਜਵਾਨਾਂ ਨੂੰ ਪਾਰਟੀ ਵਿਚ ਵੱਧ ਚੜ੍ਹ ਕੇ ਸੇਵਾ ਕਰਨ ਦਾ ਮੌਕਾ ਦੇ ਰਹੇ ਹਨ ਅਤੇ ਇਸ ਨਾਲ ਪੰਜਾਬ ਕਾਂਗਰਸ ਵਿੱਚ ਵੀ ਬਦਲਾਅ ਕਰਦੇ ਹੋਏ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਨੌਜਵਾਨ ਆਗੂਆਂ ਨੂੰ ਸੇਵਾ ਕਰਨ ਦਾ ਮੌਕਾ ਮਿਲੇਗਾ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਲਿਆਉਣ ਲਈ ਉਤਸ਼ਾਹ ਹੈ ਅਤੇ ਵਿਧਾਨ ਸਭਾ ਚੋਣਾਂ ਦਾ ਇੰਤਜ਼ਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਵਰਗ ਨੂੰ ਨਿਰਾਸ਼ ਕੀਤਾ ਹੈ ਅਤੇ ਖਾਸ ਕਰਕੇ ਨੌਜਵਾਨ ਵਰਗ ਵਿੱਚ ਸਰਕਾਰ ਖਿਲਾਫ ਭਾਰੀ ਨਿਰਾਸ਼ਾ ਹੈ।



## ਸਟੇਟ ਆਰਥਿਕ ਪੱਖੋਂ ਕਮਜੋਰ ਬੱਚਿਆਂ ਦੇ ਕੋਚਿੰਗ ਅਤੇ ਰਿਹਾਇਸ਼ ਤੇ ਖਰਚੇ ਚੁੱਕੇ : ਉੱਠੀ ਮੰਗ

## ਆਈਏਐਸ ਦੀ ਕੋਚਿੰਗ ਵਰਿਸਟੀ 'ਚ ਮੁਫਤ ਮਿਲੇ : ਸਤਨਾਮ ਸਿੰਘ ਗਿੱਲ

**ਚੌਕ ਮਹਿਤਾ,6 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਰਿਸਟੀ ਅੰਮ੍ਰਿਤਸਰ 'ਚ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਤੋਂ ਆਈ ਏ ਐਸ ਦੀ ਕੋਚਿੰਗ ਦੇਣ ਬਦਲੇ ਫੀਸਾਂ ਵਸੂਲਣ ਦੇ ਮਾਮਲੇ 'ਚ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਅਤੇ ਪੰਜਾਬ ਐਂਡ ਹਰਿਆਣਾ ਹਾਈ ਕੋਰਟ 'ਚ ਪਟਰੀਸ਼ਨਰ ਸ੍ਰ ਸਤਨਾਮ ਸਿੰਘ ਗਿੱਲ ਨੇ ਇਤਰਾਜ਼ ਜਿਤਾਇਆ ਹੈ। ਦੱਸ ਦੇਈਏ ਕਿ ਕੁਝ ਸਮਾਂ ਪਹਿਲਾਂ ਯੂ.ਪੀ.ਐਸ.ਸੀ. ਦੇ ਵਿਦਿਆਰਥੀਆਂ ਦੀ ਅੰਮ੍ਰਿਤਸਰ ਵਰਿਸਟੀ 'ਚ ਕੋਚਿੰਗ ਮੁਫਤ ਹੁੰਦੀ ਸੀ,ਪਰ ਹੁਣ ਐਸਸੀ ਬੱਚਿਆਂ ਪਾਸੋਂ ਵੀ ਤੈਅ ਕੀਤੀ ਸਮਾ ਸਾਰਣੀ ਅਨੁਸਾਰ ਫੀਸ ਵਸੂਲਣ 'ਚ ਇਹ ਵਰਿਸਟੀ ਵੀ ਮੋਹਰਲੀ ਕਤਾਰ 'ਚ ਆ ਚੁੱਕੀ ਹੈ। ਸਤਨਾਮ ਸਿੰਘ ਗਿੱਲ ਨੇ ਸਟੇਟ ਨੂੰ ਜਨਤਕ ਹਿੱਤ 'ਚ ਅਪੀਲ਼ ਕਰਦਿਆਂ ਕਿਹਾ ਕਿ ਕੇਂਦਰ ਵੱਲੋਂ ਫੀਸਾਂ ਵਸੂਲਣ ਲਈ ਜਾਰੀ ਕੀਤੇ ਫੁਰਮਾਨ ਦੇ ਬਦਲ ਵਜੋਂ ਪੰਜਾਬ ਸਰਕਾਰ ਗਰੀਬ ਅਤੇ ਅਨੁਸੂਚਿਤ ਜਾਤੀ ਦੇ ਬੱਚਿਆਂ ਦੀ ਰਿਹਾਇਸ਼ ਅਤੇ ਕੋਚਿੰਗ ਦੌਰਾਨ ਵਸੂਲੀ ਜਾਣ ਵਾਲੀ ਫੀਸ ਦੀ ਜ਼ਿੰਮੇਵਾਰੀ ਚੁੱਕੇ। ਉਨ੍ਹਾ ਨੇ ਰਾਜਪਾਲ ਪੰਜਾਬ ਸ਼੍ਰੀ ਗੁਲਾਬ ਚੰਦ ਕਟਾਰੀਆ ਨੂੰ ਲਿਖੇ ਪੱਤਰ 'ਚ ਵੀ ਅਪੀਲ ਕੀਤੀ ਹੈ ਕਿ ਆਈ ਏ ਐਸ ਕੋਚਿੰਗ ਸੈਂਟਰ 'ਚ ਆਰਥਿਕ ਤੌਰ ਤੇ ਕਮਜੋਰ ਵਰਗ ਦੇ ਬੱਚਿਆਂ ਨੂੰ ਦਾਖਲੇ ਰਿਹਾਇਸ ਅਤੇ ਕੋਚਿੰਗ ਮੁਫਤ ਦਿੱਤੇ ਜਾਣ ਦਾ ਮੁੱਦਾ ਕੇਂਦਰ ਕੋਲ ਉਠਾਏ ਅਤੇ ਬੱਚਿਆਂ ਨੂੰ ਫੀਸਾਂ 'ਚ ਰਾਹਤ ਦੇਣ।



## ਦਿੱਲੀ 'ਚ ਵੱਡੇ ਸਿਆਸੀ ਉਲਟ.ਫੇਰ ਦੀ ਤਿਆਰੀ, ਕੁਰਸੀ ਬਚਾਉਣ ਵਾਲਿਆਂ ਨੂੰ ਸੰਗਤ ਸਿਖਾਏਗੀ ਸਬਕ: ਪਰਮਜੀਤ ਸਿੰਘ ਵੀਰਜੀ

ਨਵੀਂ ਦਿੱਲੀ 7 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਗੁਰਦੁਆਰਾ ਸਾਹਿਬ ਦੇ ਚੋਣ ਲੜਨ ਵੇਲੇ ਹਲ.ਫਨਾਮੇ ਵਿਚ ਗੁਰਮੁੱਖੀ ਪੜ੍ਹਨ ਅਤੇ ਲਿਖਣ ਦੀ ਲਾਜ਼ਮੀ ਸ਼ਰਤ ਹੋਣ ਦੇ ਬਾਵਜੂਦ ਦਿੱਲੀ ਕਮੇਟੀ ਦੇ ਕੁਝ ਮੈਂਬਰ ਅੱਜ ਵੀ ਆਪਣੀ ਮਾਂ ਬੋਲੀ ਪੰਜਾਬੀ ਤੋਂ ਪੂਰੀ ਤਰ੍ਹਾਂ ਅਣਜਾਣ ਹਨ, ਜੋ ਕਿ ਸਮੁੱਚੇ ਸਿੱਖ ਪੰਥ ਲਈ ਬੇਹੱਦ ਸ਼ਰਮਨਾਕ ਅਤੇ ਨਮੋਸ਼ੀਜਨਕ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ, ਦਿੱਲੀ ਕਮੇਟੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਭਾਈ ਪਰਮਜੀਤ ਸਿੰਘ ਵੀਰਜੀ ਨੇ ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ 'ਤੇ ਤਿੱਖਾ ਹਮਲਾ ਬੋਲਦਿਆਂ ਓਨ੍ਹਾ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਭਾਈ ਪਰਮਜੀਤ ਸਿੰਘ ਵੀਰਜੀ ਨੇ ਅਤਿਅੰਤ ਦੁੱਖ ਭਰੇ ਲਹਿਜੇ ਵਿਚ ਆਖਿਆ ਕਿ ਜੋ ਮੈਂਬਰ ਆਪਣੀ ਮਾਂ ਬੋਲੀ ਪੜ੍ਹ-ਲਿਖ ਨਹੀਂ ਸਕਦੇ, ਓਹ ਪੰਥਕ ਹਿੱਤਾਂ ਦੀ ਪਹਿਰੇਦਾਰੀ ਦਾ ਦਾਅਵਾ ਕਿਵੇਂ ਕਰ ਸਕਦੇ ਹਨ.? ਇਸ ਦੇ ਨਾਲ ਹੀ ਓਨ੍ਹਾ ਨੇ ਧਰਮ ਪ੍ਰਚਾਰ ਵਿੰਗ ਦੀ ਨਾਕਾਮੀ 'ਤੇ ਗਰਜਦਿਆਂ ਸਵਾਲ ਕੀਤਾ ਕਿ ਆਪਣੇ ਹੀ ਮੈਂਬਰਾਂ ਨੂੰ ਮਾਂ ਬੋਲੀ ਨਾਲ ਜੋੜਨ ਵਿਚ ਅਸਮਰੱਥ ਰਹਿਣ ਵਾਲਾ ਇਹ ਵਿੰਗ ਆਖਿਰ ਕਿਸ ਧਰਮ ਪ੍ਰਚਾਰ ਦਾ ਢੋਂਗ ਰਚ ਰਿਹਾ ਹੈ। ਓਨ੍ਹਾ ਕਿਹਾ ਧਰਮ ਪ੍ਰਚਾਰ ਦੇ ਨਾਮ 'ਤੇ ਪੰਥਕ ਸਰਮਾਇਆ ਖਰਚਣ ਵਾਲੀ ਕਮੇਟੀ ਇਹ ਵੀ ਦੱਸੇ ਕਿ ਦਿੱਲੀ ਦੀ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖੀ ਜੀਵਨ-ਜਾਚ ਨਾਲ ਜੋੜਨ ਲਈ ਅਸਲ ਵਿੱਚ ਕਿਹੜੀ ਠੋਸ ਮੁਹਿੰਮ ਚਲਾਈ ਗਈ ਹੈ.? ਜੇ ਆਪਣੇ ਹੀ ਮੈਂਬਰਾਂ ਨੂੰ ਗੁਰਮੁਖੀ ਪੜ੍ਹਾਉਣ ਅਤੇ ਗੁਰਬਾਣੀ ਨਾਲ ਜੋੜਨ ਵਿੱਚ ਨਾਕਾਮੀ ਹੈ ਤਾਂ ਧਰਮ ਪ੍ਰਚਾਰ ਵਿੰਗ ਦੀ ਕਾਰਗੁਜ਼ਾਰੀ ਸਿਰਫ਼ ਕਾਗਜ਼ੀ ਖਾਨਾਪੂਰਤੀ ਤੋਂ ਵੱਧ ਕੀ ਰਹਿ ਗਈ ਹੈ.? ਜਿੱਥੇ ਘਰ-ਘਰ ਗੁਰਬਾਣੀ ਅਤੇ ਸਿੱਖੀ ਦਾ ਸੰਦੇਸ਼ ਪਹੁੰਚਣਾ ਚਾਹੀਦਾ ਸੀ, ਉੱਥੇ ਪ੍ਰਚਾਰ ਦੇ ਨਾਮ 'ਤੇ ਸਿਰਫ਼ ਦਿਖਾਵੇ ਅਤੇ ਸਿਆਸੀ ਸਰਗਰਮੀਆਂ ਤੱਕ ਸੀਮਤ ਰਹਿਣਾ ਪੰਥ ਨਾਲ ਵੱਡਾ ਧੋਖਾ ਹੈ। ਪ੍ਰਬੰਧਕਾਂ ਦੀਆਂ ਮਨਮਾਨੀਆਂ 'ਤੇ ਵਰ੍ਹਦਿਆਂ ਓਨ੍ਹਾ ਨੇ ਐਲਾਨ ਕੀਤਾ ਕਿ ਦਿੱਲੀ ਕਮੇਟੀ ਦੇ ਮੌਜੂਦਾ ਅਹੁਦੇਦਾਰਾਂ ਵੱਲੋਂ ਪੰਥਕ ਸਰਮਾਏ ਦੀ ਵਰਤੋਂ ਆਪਣੇ ਨਿੱਜੀ ਹਿੱਤਾਂ ਲਈ ਕੀਤੀ ਜਾ ਰਹੀ ਹੈ, ਜਿਸ ਨੂੰ ਹੁਣ ਸੰਗਤ ਦੀ ਕਚਹਿਰੀ ਵਿਚ ਲਿਆ ਕੇ ਪੂਰੀ ਤਰ੍ਹਾਂ ਬੇਨਕਾਬ ਕੀਤਾ ਜਾਵੇਗਾ। ਬੀਤੇ ਦਿਨ ਹੋਈ ਸ਼੍ਰੋਮਣੀ ਅਕਾਲੀ ਦਲ ਦੀ ਭਰਵੀਂ ਸੰਗਤ ਮਿਲਣੀ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਦਿੱਲੀ ਦੀ ਸੰਗਤ ਵਰਤਮਾਨ ਨਕਾਰਾ ਪ੍ਰਬੰਧ ਤੋਂ ਤੰਗ ਆ ਚੁੱਕੀ ਹੈ ਅਤੇ ਓਸ ਦਾ ਝੁਕਾਅ ਹੁਣ ਅਕਾਲੀ ਦਲ ਵੱਲ ਤੇਜ਼ੀ ਨਾਲ ਵਧ ਰਿਹਾ ਹੈ। ਸੰਗਤ ਦਾ ਇਹ ਭਾਰੀ ਉਤਸ਼ਾਹ ਅਤੇ ਸਮਰਥਨ ਆਉਣ ਵਾਲੇ ਸਮੇਂ ਵਿਚ ਦਿੱਲੀ ਦੀ ਪੰਥਕ ਰਾਜਨੀਤੀ ਵਿਚ ਇੱਕ ਵੱਡਾ ਸਿਆਸੀ ਉਲਟਫ਼ੇਰ ਲਿਆਵੇਗਾ ਅਤੇ ਆਪਣੀ ਕੁਰਸੀ ਬਚਾਉਣ ਲਈ ਪੰਥਕ ਮਰਿਆਦਾ ਨੂੰ ਛਿੱਕੇ ਟੰਗਣ ਵਾਲਿਆਂ ਨੂੰ ਸੰਗਤ ਆਪੇ ਸਬਕ ਸਿਖਾਏਗੀ।



**“ਅਕਾਲੀ ਦਲ ਸਾਹਮਣੇ ਚੁਣੌਤੀ ਚੋਣਾਂ ਜਿੱਤਣ ਦੀ ਨਹੀਂ, ਗੁਆਚਿਆ ਭਰੋਸਾ ਮੁੜ ਹਾਸਲ ਕਰਨ ਦੀ ਹੈ।”**

# ਅਕਾਲੀ ਦਲ: ਪੰਥਕ ਵਿਰਾਸਤ ਤੋਂ ਸਿਆਸੀ ਹਾਸ਼ੀਏ ਤੱਕ



ਜਿਸ ਸ਼੍ਰੋਮਣੀ ਅਕਾਲੀ ਦਲ ਦੇ ਸੱਦੇ ’ਤੇ ਕਦੇ ਪੰਜਾਬ ਦੀਆਂ ਸਿਆਸੀ ਹਵਾਵਾਂ ਦਾ ਰੁਖ਼ ਬਦਲ ਜਾਂਦਾ ਸੀ, ਅੱਜ 105 ਵਰ੍ਹੇ ਪੁਰਾਣੀ ਉਹੀ ਪਾਰਟੀ ਆਪਣੇ ਪੰਥਕ ਆਧਾਰ, ਜਥੇਬੰਦਕ ਤਾਕਤ, ਲੀਡਰਸ਼ਿਪ ਦੀ ਭਰੋਸੇਯੋਗਤਾ, ਸਿਆਸੀ ਪ੍ਰਸੰਗਿਕਤਾ ਅਤੇ ਇੱਥੋਂ ਤਕ ਕਿ ਆਪਣੀ ਅਸਤਿਤਵ ਨੂੰ ਬਚਾਉਣ ਦੀ ਚੁਣੌਤੀ ਸਾਹਮਣੇ ਖੜ੍ਹੀ ਹੈ।

13 ਅਗਸਤ 2026 ਨੂੰ ਨੰਦੇੜ ਵਿਖੇ ਅਕਾਲੀ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ’ਤੇ ਕਿਰਪਾਨ ਨਾਲ ਹੋਇਆ ਹਮਲਾ ਗੰਭੀਰ ਅਤੇ ਨਿੰਦਣਯੋਗ ਘਟਨਾ ਹੈ। ਕਿਸੇ ਵੀ ਸਿਆਸੀ ਆਗੂ ਜਾਂ ਧਾਰਮਿਕ ਸਥਾਨ ’ਤੇ ਹਿੰਸਕ ਹਮਲੇ ਨੂੰ ਕਿਸੇ ਵੀ ਹਾਲਤ ਵਿੱਚ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਪਰ ਇਸ ਨੂੰ ਸਿਰਫ਼ ਇੱਕ ਵਿਅਕਤੀ ਦੀ ਸੁਰੱਖਿਆ ਵਿਵਸਥਾ ਨਾਲ ਜੁੜੀ ਘਟਨਾ ਵਜੋਂ ਦੇਖਣਾ ਅਕਾਲੀ ਦਲ ਦੀ ਮੌਜੂਦਾ ਸਿਆਸੀ ਹਕੀਕਤ ਨੂੰ ਸਮਝਣ ਲਈ ਕਾਫ਼ੀ ਨਹੀਂ।

ਹਮਲਾਵਰ ਦੀ ਪਛਾਣ ਜਸਪਾਲ ਸਿੰਘ ਉਮਰ 62 ਸਾਲ ਵਜੋਂ ਹੋਈ, ਜੋ ਪੁਣੇ ਦਾ ਰਹਿਣ ਵਾਲਾ ਹੈ। ਉਸ ਨੇ ਵਕਾਲਤ ਦੀ ਪੜ੍ਹਾਈ ਕੀਤੀ ਹੋਈ ਦੱਸੀ ਜਾਂਦੀ ਹੈ। ਇਸ ਤੋਂ ਪਹਿਲਾਂ ਦਸੰਬਰ 2024 ਵਿੱਚ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਦੇ ਬਿਲਕੁਲ ਬਾਹਰ ਸੇਵਾ ਕਰ ਰਹੇ ਸੁਖਬੀਰ ਸਿੰਘ ਬਾਦਲ ’ਤੇ ਹਮਲਾ ਕਰਨ ਵਾਲਾ ਸਾਬਕਾ ਖਾੜਕੂ ਨਰਾਇਣ ਸਿੰਘ ਚੌੜਾ ਵੀ ਸਿੱਖ ਪਿਛੋਕੜ ਦਾ ਸੀ। ਦੋਹਾਂ ਮਾਮਲਿਆਂ ਵਿੱਚ ਹਮਲਾਵਰਾਂ ਵੱਲੋਂ ਪਿਛਲੀਆਂ ਅਕਾਲੀ ਸਰਕਾਰਾਂ ਦੌਰਾਨ ਪੰਜਾਬ ਵਿੱਚ ਨਸ਼ਿਆਂ ਅਤੇ ਬੇਅਦਬੀ ਦੇ ਮਾਮਲਿਆਂ ਸਮੇਤ ਬਾਦਲਾਂ ਦੀ ਕਾਰਗੁਜ਼ਾਰੀ ਪ੍ਰਤੀ ਗੁ.ੱਸੇ ਦਾ ਹਵਾਲਾ ਦਿੱਤੇ ਜਾਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ।

ਇਸ ਲਈ ਨੰਦੇੜ ਹੋਵੇ ਜਾਂ ਅੰਮ੍ਰਿਤਸਰ ਦੀ ਘਟਨਾ, ਅਸਲ ਸਵਾਲ ਇਹ ਹੈ ਕਿ ਜਿਸ ਪਾਰਟੀ ਨੇ ਕਦੇ ਪੰਜਾਬ ਦੇ ਪੰਥਕ ਮਨ ਦੀ ਆਵਾਜ਼ ਬਣ ਕੇ ਆਪਣੀ ਸਿਆਸਤ ਖੜ੍ਹੀ ਕੀਤੀ ਸੀ, ਉਹ ਅੱਜ ਉਸੇ ਮਨ ਦਾ ਭਰੋਸਾ ਮੁੜ ਜਿੱਤਣ ਪ੍ਰਤੀ ਸੰਘਰਸ਼ ਲਈ ਕਿਉਂ ਮਜਬੂਰ ਹੈ? ਇਹੀ ਸਵਾਲ ਅਕਾਲੀ ਦਲ ਦੇ ਅਰਸ਼ ਤੋਂ ਫ਼ਰਸ਼ ਤੱਕ ਦੇ ਸਿਆਸੀ ਸਫ਼ਰ ਨੂੰ ਸਮਝਣ ਦੀ ਕੁੰਜੀ ਹੈ।

## ਵਿਚਾਰ ਆਪੋ-ਆਪਣਾ

ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਸਿਰਫ਼ ਇੱਕ ਸਿਆਸੀ ਪਾਰਟੀ ਦਾ ਇਤਿਹਾਸ ਨਹੀਂ, ਸਗੋਂ ਪੰਜਾਬ ਦੇ ਖੇਤਰੀ ਤੇ ਸੰਘੀ ਹੱਕਾਂ, ਸਿੱਖ ਪਛਾਣ ਅਤੇ ਪੰਥਕ ਸਰੋਕਾਰਾਂ ਨਾਲ ਡੂੰਘੀ ਤਰ੍ਹਾਂ ਜੁੜਿਆ ਹੋਇਆ ਹੈ। ਕਦੇ ਇਹ ਪਾਰਟੀ ਪੰਜਾਬ ਦੀ ਸਿਆਸਤ ਵਿੱਚ ਸਿਰਫ਼ ਕਾਂਗਰਸ ਦੇ ਮੁਕਾਬਲੇ ਇੱਕ ਮਜ਼ਬੂਤ ਵਿਕਲਪ ਹੀ ਨਹੀਂ ਸੀ, ਸਗੋਂ ਇੱਕ ਵਿਚਾਰ, ਇੱਕ ਪੰਥਕ ਆਵਾਜ਼ ਅਤੇ ਪੰਜਾਬ ਦੇ ਸਿਆਸੀ ਸਵੈ-ਮਾਣ ਦਾ ਪ੍ਰਤੀਕ ਵੀ ਮੰਨੀ ਜਾਂਦੀ ਸੀ। ਲੰਮੇ ਸਮੇਂ ਤੱਕ ਸਿੱਖ ਵੋਟਰਾਂ ਦੇ ਵੱਡੇ ਹਿੱਸੇ ਦੀ ਇਹ ਕੁਦਰਤੀ ਸਿਆਸੀ ਪਸੰਦ ਰਹੀ।

ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਨੇ ਪਿੰਡ ਪੱਧਰ ਤੱਕ ਮਜ਼ਬੂਤ ਸੰਗਠਨ ਖੜ੍ਹਾ ਕੀਤਾ ਅਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਵਰਗਾਂ ਨੂੰ ਨਾਲ ਜੋੜ ਕੇ ਪੰਜਾਬ ਵਿੱਚ ਸੱਤਾ ਦੀ ਇਕ ਟਿਕਾਊ ਸਿਆਸੀ ਵਿਵਸਥਾ ਬਣਾਈ।

2012 ਦੀਆਂ ਵਿਧਾਨ ਸਭਾ ਚੋਣਾਂ ਵਿੱਚ 56 ਸੀਟਾਂ ਜਿੱਤ ਕੇ ਲਗਾਤਾਰ ਦੂਜੀ ਵਾਰ ਸਰਕਾਰ ਬਣਾਉਣਾ ਇਸ ਤਾਕਤ ਦਾ ਸਬੂਤ ਸੀ। ਇਸ ਤੋਂ ਪਹਿਲਾਂ ਪੰਜਾਬ ’ਚ ਕੋਈ ਵੀ ਪਾਰਟੀ ਦੂਜੀ ਵਾਰ ਸਰਕਾਰ ਨਹੀਂ ਸੀ ਬਣਾ ਸਕੀ। ਪਰ ਇਸ ਤੋਂ ਬਾਅਦ ਗਿਰਾਵਟ ਦਾ ਦੌਰ ਤੇਜ਼ ਹੋ ਗਿਆ। 2017 ਵਿੱਚ ਪਾਰਟੀ 15 ਸੀਟਾਂ ਤੱਕ ਸਿਮਟ ਗਈ ਅਤੇ 2022 ਵਿੱਚ ਇਹ ਗਿਣਤੀ ਘਟ ਕੇ ਸਿਰਫ਼ ਤਿੰਨ ਰਹਿ ਗਈ। ਇੱਥੋਂ ਤੱਕ ਕਿ ਪੰਜ ਵਾਰ ਮੁੱਖ ਮੰਤਰੀ ਰਹੇ ਪ੍ਰਕਾਸ਼ ਸਿੰਘ ਬਾਦਲ ਆਪਣੀ ਰਵਾਇਤੀ ਲੰਬੀ ਸੀਟ ਅਤੇ ਸੁਖਬੀਰ ਸਿੰਘ ਬਾਦਲ ਆਪਣਾ ਜਲਾਲਾਬਾਦ ਹਲਕਾ ਨਹੀਂ ਬਚਾ ਸਕੇ। 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪੰਜਾਬ ਦੀਆਂ 13 ਸੀਟਾਂ ਵਿੱਚੋਂ ਕੇਵਲ ਇੱਕ ਅਕਾਲੀ ਦਲ ਦੇ ਖਾਤੇ ਵਿੱਚ ਆਈ, ਜੋ ਹਰਸਿਮਰਤ ਕੌਰ ਬਾਦਲ ਨੇ ਬਠਿੰਡਾ ਤੋਂ ਬਰਕਰਾਰ ਰੱਖੀ।

ਆਵਾਜ਼ਿ ਕੌਮ AWAZE QAUM International Newspaper & WEB TV

ਵੋਟ ਪ੍ਰਤੀਸ਼ਤ ਵੀ ਇਸ ਗਿਰਾਵਟ ਦੀ ਸਪਸ਼ਟ ਤਸਵੀਰ ਪੇਸ਼ ਕਰਦਾ ਹੈ। 2007 ਵਿੱਚ 37 ਫ਼ੀਸਦੀ ਵੋਟਾਂ ਨਾਲ 48 ਸੀਟਾਂ ਅਤੇ 2012 ਵਿੱਚ 34.7 ਫ਼ੀਸਦੀ ਵੋਟਾਂ ਨਾਲ 56 ਸੀਟਾਂ ਹਾਸਲ ਕਰਨ ਵਾਲਾ ਅਕਾਲੀ ਦਲ 2017 ਵਿੱਚ ਲਗਭਗ 25 ਫ਼ੀਸਦੀ ਵੋਟਾਂ ਨਾਲ 15 ਸੀਟਾਂ ਅਤੇ 2022 ਵਿੱਚ 18.3 ਫ਼ੀਸਦੀ ਵੋਟਾਂ ਨਾਲ ਕੇਵਲ ਤਿੰਨ ਸੀਟਾਂ ਤੱਕ ਰਹਿ ਗਿਆ। 2024 ਦੀਆਂ ਲੋਕ ਸਭਾ ਚੋਣਾਂ ਵਿੱਚ ਇਸ ਦਾ ਵੋਟ ਹਿੱਸਾ ਕੇਵਲ 13 ਫ਼ੀਸਦੀ ਰਹਿ ਗਿਆ, ਜਦੋਂਕਿ ਇਸ ਦੀ ਹਮਸਫ਼ਰ ਰਹੀ ਭਾਜਪਾ ਨੂੰ 18.5 ਫ਼ੀਸਦੀ ਵੋਟ ਮਿਲੇ। ਇਹ ਅੰਕੜੇ ਸਿਰਫ਼ ਚੋਣਾਵੀਂ ਹਾਰ ਦੀ ਕਹਾਣੀ ਨਹੀਂ ਦੱਸਦੇ, ਸਗੋਂ ਪਾਰਟੀ ਅਤੇ ਉਸ ਦੇ ਰਵਾਇਤੀ ਵੋਟਰ ਵਿਚਕਾਰ ਕਮਜ਼ੋਰ ਹੋਏ ਸਿਆਸੀ ਰਿਸ਼ਤੇ ਦਾ ਸੰਕੇਤ ਹਨ।

ਅਕਾਲੀ ਦਲ ਦੀ ਗਿਰਾਵਟ ਨੂੰ ਸਮਝਣ ਲਈ 2015 ਦਾ ਬੇਅਦਬੀ ਕਾਂਡ ਇੱਕ ਮਹੱਤਵਪੂਰਨ ਮੋੜ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ, ਬਰਗਾੜੀ ਮਾਮਲਾ ਅਤੇ ਇਸ ਤੋਂ ਬਾਅਦ ਬਹਿਬਲ ਕਲਾਂ ਤੇ ਕੋਟਕਪੂਰਾ ਵਿੱਚ ਪੁਲਿਸ ਗੋਲ਼ੀਬਾਰੀ ਨੇ ਉਸ ਸਮੇਂ ਦੀ ਬਾਦਲ ਸਰਕਾਰ ਦੀ ਕਾਰਗੁਜ਼ਾਰੀ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ। ਇਨ੍ਹਾਂ ਮਾਮਲਿਆਂ ਵਿੱਚ ਇਨਸਾਫ਼ ਅਤੇ ਜਵਾਬਦੇਹੀ ਨੂੰ ਲੈ ਕੇ ਪੈਦਾ ਹੋਈ ਨਿਰਾਸ਼ਾ ਨੇ ਅਕਾਲੀ ਦਲ ਦੀ ਪੰਥਕ ਸਾਖ ਨੂੰ ਵੱਡੀ ਸੱਟ ਮਾਰੀ।

ਇਸੇ ਦੌਰਾਨ 2007 ਦੇ ਡੇਰਾ ਸੱਚਾ ਸੌਦਾ ਵਿਵਾਦ ਨਾਲ ਜੁੜੇ ਮਾਮਲੇ ਵਿੱਚ 24 ਸਤੰਬਰ 2015 ਨੂੰ ਅਕਾਲ ਤਖ਼ਤ ਸਾਹਿਬ ਤੋਂ ਦਿੱਤੀ- ਦਿਵਾਈ ਗਈ ਮੁਆਫ਼ੀ ਦੇ ਫ਼ੈਸਲੇ ਨੇ ਪੰਥਕ ਰੋਸ ਨੂੰ ਹੋਰ ਤਿੱਖਾ ਕੀਤਾ। ਇਸ ਨਾਲ ਇਹ ਧਾਰਨਾ ਮਜ਼ਬੂਤ ਹੋਈ ਕਿ ਪੰਥਕ ਸੰਸਥਾਵਾਂ ਸਿਆਸੀ ਪ੍ਰਭਾਵ ਤੋਂ ਪੂਰੀ ਤਰ੍ਹਾਂ ਮੁਕਤ ਨਹੀਂ ਰਹੀਆਂ। ਸਿਆਸਤ ਵਿੱਚ ਸਿਰਫ਼ ਹਕੀਕਤ ਹੀ ਨਹੀਂ, ਧਾਰਨਾ ਵੀ ਮਹੱਤਵ ਰੱਖਦੀ ਹੈ। ਰਵਾਇਤੀ ਸਮਰਥਕਾਂ ਦੇ ਇੱਕ ਹਿੱਸੇ ਵਿੱਚ ਇਹ ਭਾਵਨਾ ਵੀ ਉੱਭਰੀ ਕਿ ਅਕਾਲੀ ਦਲ ਆਪਣੀਆਂ ਵਿਚਾਰਧਾਰਕ ਅਤੇ ਪੰਥਕ ਤਰਜੀਹਾਂ ਤੋਂ ਹਟ ਕੇ ਸੱਤਾ-ਕੇਂਦਰਿਤ ਸਿਆਸਤ, ਸਰਪ੍ਰਸਤੀ ਅਤੇ ਕੇਂਦਰੀਕ੍ਰਿਤ ਪ੍ਰਬੰਧਨ ਵੱਲ ਵਧ ਗਿਆ ਹੈ। ਇਸ ਭਰੋਸੇ ਦੇ ਸੰਕਟ ਨੇ ਹੌਲੀ-ਹੌਲੀ ਵੋਟ ਦੇ ਸੰਕਟ ਦਾ ਰੂਪ ਧਾਰ ਲਿਆ।

ਅਕਾਲੀ ਦਲ ਦੀ ਸਿਆਸੀ ਕਹਾਣੀ ਵਿੱਚ ਬਾਦਲ ਪਰਿਵਾਰ ਦੀ ਭੂਮਿਕਾ ਵੀ ਦੋਹਰੀ ਰਹੀ ਹੈ। ਇੱਕ ਪਾਸੇ ਪ੍ਰਕਾਸ਼ ਸਿੰਘ ਬਾਦਲ ਨੇ ਪਾਰਟੀ ਨੂੰ ਪਿੰਡਾਂ ਤੱਕ ਮਜ਼ਬੂਤ ਕਰਕੇ ਪੰਜਾਬ ਦੀ ਸਿਆਸਤ ਵਿੱਚ ਕੇਂਦਰੀ ਤਾਕਤ ਬਣਾਇਆ, ਪਰ ਦੂਜੇ ਪਾਸੇ ਸਮੇਂ ਦੇ ਨਾਲ ਲੀਡਰਸ਼ਿਪ ਦੇ ਵਧਦੇ ਕੇਂਦਰੀਕਰਨ ਅਤੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਕਾਰੋਬਾਰੀਆਂ ਤੇ ਨੇੜਲੇ ਗੈਰ-ਰਵਾਇਤੀ ਚਿਹਰਿਆਂ ਦੀ ਵਧਦੀ ਭੂਮਿਕਾ ਨੇ ਰਵਾਇਤੀ ਕਾਡਰ ਦੇ ਇੱਕ ਹਿੱਸੇ ਵਿੱਚ ਇਹ ਭਾਵਨਾ ਪੈਦਾ ਕੀਤੀ ਕਿ ਪਾਰਟੀ ਦੀ ਦਿਸ਼ਾ ਅਤੇ ਅਹਿਮ ਫ਼ੈਸਲੇ ਕੁਝ ਸੀਮਤ ਹੱਥਾਂ ਵਿੱਚ ਸਿਮਟ ਗਏ ਹਨ। ਇਸ ਦਾ ਨਤੀਜਾ ਅੰਦਰੂਨੀ ਬਗ.ਾਵਤਾਂ, ਵੱਖਰੇ ਧੜਿਆਂ ਦੇ ਉਭਾਰ ਅਤੇ ਲੀਡਰਸ਼ਿਪ ਵਿੱਚ ਤਬਦੀਲੀ ਦੀਆਂ ਤੇਜ਼ ਹੋਈਆਂ ਮੰਗਾਂ ਦੇ ਰੂਪ ਵਿੱਚ ਸਾਹਮਣੇ ਆਇਆ।

ਦਸੰਬਰ 2024 ਵਿੱਚ ਅਕਾਲ ਤਖ਼ਤ ਸਾਹਿਬ ਵੱਲੋਂ 2007 ਤੋਂ 2017 ਦੇ ਸਮੇਂ ਦੌਰਾਨ ਬਾਦਲ ਸਰਕਾਰ ਵੱਲੋਂ ਲਏ ਗਏ ਕੁਝ ਫ਼ੈਸਲਿਆਂ ਨੂੰ ਸਿੱਖ ਹਿੱਤਾਂ ਲਈ ਨੁਕਸਾਨਦੇਹ ਮੰਨਦਿਆਂ ਸੁਖਬੀਰ ਸਿੰਘ ਬਾਦਲ ਨੂੰ ਤਨਖ਼ਾਹੀਆ ਕਰਾਰ ਦਿੱਤੇ ਜਾਣ ਅਤੇ ਧਾਰਮਿਕ ਤੌਰ ’ਤੇ ਕੀਤੀ ਗਈ ਤਨਖ਼ਾਹ ਅਤੇ ਸੇਵਾ ਦੇ ਬਾਵਜੂਦ ਪਾਰਟੀ ਦੀ ਸਿਆਸੀ ਭਰੋਸੇਯੋਗਤਾ ਤੁਰੰਤ ਬਹਾਲ ਨਾ ਹੋ ਸਕੀ। ਇਸ ਤੋਂ ਸਪਸ਼ਟ ਹੋਇਆ ਕਿ ਸੰਕਟ ਸਿਰਫ਼ ਕਿਸੇ ਇੱਕ ਆਗੂ ਤੱਕ ਸੀਮਿਤ ਨਹੀਂ, ਸਗੋਂ ਪਾਰਟੀ ਦੀ ਸਮੁੱਚੀ ਸਾਖ ਅਤੇ ਸੰਗਠਨਾਤਮਕ ਭਰੋਸੇ ਨਾਲ ਜੁੜ ਚੁੱਕਾ ਹੈ।

ਇਸ ਤੋਂ ਇਲਾਵਾ ਪੰਜਾਬ ਦੇ ਨਸ਼ਾ ਸੰਕਟ ਨਾਲ ਸਿਆਸੀ ਨੈੱਟਵਰਕਾਂ ਨੂੰ ਜੋੜਨ ਵਾਲੇ ਦੋਸ਼ਾਂ ਅਤੇ ਬਾਦਲ ਪਰਿਵਾਰ ਦੇ ਕੁਝ ਮੈਂਬਰਾਂ ਨਾਲ ਸਬੰਧਤ ਵਿਵਾਦਾਂ ਨੇ ਵੀ ਅਕਾਲੀ ਦਲ ਦੀ ਸਾਖ ਨੂੰ ਨੁਕਸਾਨ ਪਹੁੰਚਾਇਆ। ਨਸ਼ਿਆਂ ਦਾ ਮੁੱਦਾ ਪੰਜਾਬ ਦੀ ਸਿਆਸਤ ਵਿੱਚ ਲੰਮੇ ਸਮੇਂ ਤੋਂ ਕੇਂਦਰੀ ਵਿਸ਼ਾ ਬਣਿਆ ਹੋਇਆ ਹੈ ਅਤੇ ਅਕਾਲੀ ਦਲ ਦੇ ਵਿਰੋਧੀਆਂ ਵੱਲੋਂ ਨਸ਼ਿਆਂ ਦੇ ਫੈਲਾਅ ਨੂੰ ਲਗਾਤਾਰ ਅਕਾਲੀ ਰਾਜ ਦੇ ਦੌਰ ਨਾਲ ਜੋੜਿਆ ਜਾਂਦਾ ਰਿਹਾ ਹੈ। ਭਾਵੇਂ ਇਨ੍ਹਾਂ ਦੋਸ਼ਾਂ ਦੀ ਕਾਨੂੰਨੀ ਅਤੇ ਤੱਥਾਤਮਕ ਸਚਾਈ ਵੱਖਰਾ ਵਿਸ਼ਾ ਹੈ, ਪਰ ਸਿਆਸੀ ਧਾਰਨਾ ਦੇ ਪੱਧਰ ’ਤੇ ਇਨ੍ਹਾਂ ਨੇ ਪਾਰਟੀ ਦੀ ਛਵੀ ਨੂੰ ਨਿਸ਼ਚਿਤ ਤੌਰ ’ਤੇ ਪ੍ਰਭਾਵਿਤ ਕੀਤਾ।

ਅਕਾਲੀ ਦਲ ਦੀ ਇੱਕ ਵੱਡੀ ਚੁਣੌਤੀ ਇਹ ਵੀ ਹੈ ਕਿ ਪੰਜਾਬ ਖ਼ੁਦ ਬਦਲ ਚੁੱਕਾ ਹੈ। ਅੱਜ ਦਾ ਵੋਟਰ ਸਿਰਫ਼ ਪੰਥਕ ਜਾਂ ਰਵਾਇਤੀ ਮੁੱਦਿਆਂ ’ਤੇ ਵੋਟ ਨਹੀਂ ਪਾਉਂਦਾ। ਨੌਜਵਾਨ ਰੁਜ਼ਗਾਰ ਅਤੇ ਵਿਦੇਸ਼ ਜਾਣ ਦੇ ਵਿਕਲਪਾਂ ਬਾਰੇ ਸੋਚਦਾ ਹੈ, ਕਿਸਾਨ ਖੇਤੀ ਦੀ ਆਰਥਿਕਤਾ ਅਤੇ ਪਾਣੀ ਦੇ ਭਵਿੱਖ ਨੂੰ ਲੈ ਕੇ ਚਿੰਤਤ ਹੈ, ਜਦਕਿ ਵਪਾਰੀ ਸੁਰੱਖਿਅਤ ਕਾਰੋਬਾਰੀ ਮਾਹੌਲ ਚਾਹੁੰਦਾ ਹੈ। ਮੱਧ ਵਰਗ ਲਈ ਸਿੱਖਿਆ, ਸਿਹਤ ਅਤੇ ਮਹਿੰਗਾਈ ਵੱਡੇ ਮੁੱਦੇ ਹਨ। ਇਸ ਦੇ ਨਾਲ ਨਸ਼ੇ, ਕਾਨੂੰਨ-ਵਿਵਸਥਾ, ਉਦਯੋਗੀਕਰਨ ਅਤੇ ਲਗਾਤਾਰ ਹੋ ਰਹੀ ਆਬਾਦੀ ਦੀ ਬਾਹਰਮੁਖੀ ਗਤੀ ਪੰਜਾਬ ਲਈ ਗੰਭੀਰ ਚੁਣੌਤੀਆਂ ਹਨ। ਇਨ੍ਹਾਂ ਬਦਲੀਆਂ ਤਰਜੀਹਾਂ ਨਾਲ ਤਾਲਮੇਲ ਨਾ ਬਿਠਾ ਸਕਣਾ ਵੀ ਅਕਾਲੀ ਦਲ ਦੇ ਸੰਕਟ ਦਾ ਇੱਕ ਕਾਰਨ ਬਣਿਆ ਹੈ।

ਇਸ ਲਈ ਪੰਥਕ ਸਿਆਸਤ ਨੂੰ ਵੀ ਨਵੇਂ ਅਰਥ ਦੇਣ ਦੀ ਲੋੜ ਹੈ। ਪੰਥਕਤਾ ਸਿਰਫ਼ ਧਾਰਮਿਕ ਭਾਵਨਾਵਾਂ ਤੱਕ ਸੀਮਿਤ ਨਹੀਂ, ਸਗੋਂ ਨਿਆਂ, ਇਮਾਨਦਾਰੀ, ਜਵਾਬਦੇਹੀ, ਪੰਜਾਬ ਦੇ ਹੱਕਾਂ ਦੀ ਰਾਖੀ ਅਤੇ ਲੋਕ-ਭਲਾਈ ਦੀ ਸਿਆਸਤ ਵੀ ਨਾਲ ਵੀ ਜੁੜੀ ਹੈ। ਜੇ ਅਕਾਲੀ ਦਲ ਇਸ ਵਿਆਪਕ ਪੰਥਕ ਦ੍ਰਿਸ਼ਟੀ ਨੂੰ ਆਧੁਨਿਕ ਪੰਜਾਬ ਦੇ ਮੁੱਦਿਆਂ ਰੁਜ਼ਗਾਰ, ਖੇਤੀ, ਪਾਣੀ, ਸਿੱਖਿਆ, ਸਿਹਤ ਅਤੇ ਸੁਰੱਖਿਆ ਨਾਲ ਨਹੀਂ ਜੋੜਦਾ ਤਾਂ ਪੰਥਕ ਸਿਆਸਤ ਉਸ ਲਈ ਤਾਕਤ ਦੀ ਬਜਾਏ ਸਿਰਫ਼ ਅਤੀਤ ਦੀ ਯਾਦ ਬਣ ਕੇ ਰਹਿ ਸਕਦੀ ਹੈ।

ਅਕਾਲੀ ਦਲ ਅਤੇ ਭਾਜਪਾ ਦਾ 26 ਸਾਲ ਲੰਮਾ ਗੱਠਜੋੜ ਪੰਜਾਬ ਦੀ ਸਿਆਸਤ ਦਾ ਮਹੱਤਵਪੂਰਨ ਅਧਿਆਇ ਰਿਹਾ ਹੈ। ਇਸ ਸਾਂਝ ਨੇ ਅਕਾਲੀ ਦਲ ਨੂੰ ਕਈ ਸਾਲ ਸੱਤਾ ਵਿੱਚ ਬਣੇ ਰਹਿਣ ਵਿੱਚ ਮਦਦ ਕੀਤੀ, ਤਾਂ ਦੂਜੇ ਪਾਸੇ ਸਿੱਖ ਸਰੋਕਾਰਾਂ ਨਾਲ ਜੁੜੇ ਮੁੱਦਿਆਂ ’ਤੇ ਅਕਾਲੀ ਦਲ ਦੀ ਭੂਮਿਕਾ ਦੀ ਆਲੋਚਨਾ ਵੀ ਹੋਈ। ਖ਼ਾਸ ਕਰਕੇ 2020 ਦੇ ਖੇਤੀ ਕਾਨੂੰਨਾਂ ਦੇ ਮਾਮਲੇ ਵਿੱਚ ਪਾਰਟੀ ਦੇ ਸ਼ੁਰੂਆਤੀ ਰੁਖ਼ ’ਤੇ ਸਵਾਲ ਉੱਠੇ। ਬਾਅਦ ਵਿੱਚ ਦਬਾਅ ਹੇਠ ਅਕਾਲੀ ਦਲ ਵੱਲੋਂ ਭਾਜਪਾ ਨਾਲ ਗੱਠਜੋੜ ਤੋੜਨ ਨਾਲ ਇਸ ਰਿਸ਼ਤੇ ਨੂੰ ਗੰਭੀਰ ਝਟਕਾ ਲੱਗਾ।

ਹੁਣ ਸਵਾਲ ਇਹ ਹੈ ਕਿ ਭਵਿੱਖ ਵਿੱਚ ਦੋਵੇਂ ਪਾਰਟੀਆਂ ਮੁੜ ਕਿਸੇ ਰਣਨੀਤਿਕ ਸਾਂਝ ਵੱਲ ਵਧਦੀਆਂ ਹਨ ਤਾਂ ਵੀ ਇੱਕ ਗੱਲ ਸਪਸ਼ਟ ਹੈ—ਕਿਸੇ ਵੀ ਨਵੇਂ ਗੱਠਜੋੜ ਨੂੰ ਪਾਰਟੀ ਦੇ ਅੰਦਰਲੇ ਸੰਕਟ ਦਾ ਬਦਲ ਨਹੀਂ ਬਣਾਇਆ ਜਾ ਸਕਦਾ। ਗੱਠਜੋੜ ਚੋਣ ਗਣਿਤ ਬਦਲ ਸਕਦਾ ਹੈ, ਪਰ ਲੋਕਾਂ ਦਾ ਭਰੋਸਾ ਸਿਆਸੀ ਪੁਨਰ-ਨਿਰਮਾਣ ਨਾਲ ਹੀ ਵਾਪਸ ਆਉਂਦਾ ਹੈ।

ਸੁਖਬੀਰ ਬਾਦਲ ’ਤੇ ਨੰਦੇੜ ਹਮਲਾ ਹੋਵੇ ਜਾਂ ਦਸੰਬਰ 2024 ਵਿੱਚ ਅੰਮ੍ਰਿਤਸਰ ਵਿਖੇ ਹੋਇਆ ਹਮਲਾ, ਅਕਾਲੀ ਦਲ ਲਈ ਇਹ ਘਟਨਾਵਾਂ ਡੂੰਘੇ ਆਤਮ-ਮੰਥਨ ਦਾ ਮੌਕਾ ਵੀ ਪੈਦਾ ਕਰਦੀਆਂ ਹਨ। ਅਕਾਲੀ ਦਲ ਨੂੰ ਆਪਣੇ ਆਪ ਤੋਂ ਕਈ ਔਖੇ ਸਵਾਲ ਪੁੱਛਣੇ ਪੈਣਗੇ। ਨੰਦੇੜ ਦੀ ਘਟਨਾ ਨੂੰ ਸਿਰਫ਼ ਸੁਰੱਖਿਆ ਦੀ ਘਟਨਾ ਸਮਝ ਕੇ ਭੁਲਾ ਦੇਣਾ ਅਕਾਲੀ ਦਲ ਲਈ ਇੱਕ ਹੋਰ ਗੁਆਚਿਆ ਮੌਕਾ ਹੋ ਸਕਦਾ ਹੈ। ਸੰਕਟ ਸਿਰਫ਼ ਪਤਨ ਦੀ ਨਿਸ਼ਾਨੀ ਨਹੀਂ ਹੁੰਦਾ; ਕਈ ਵਾਰ ਇਹ ਪੁਨਰ-ਨਿਰਮਾਣ ਦਾ ਮੌਕਾ ਵੀ ਬਣ ਸਕਦਾ ਹੈ।

ਅਕਾਲੀ ਦਲ ਦੀ ਗਿਰਾਵਟ ਡੂੰਘੀ ਜ਼ਰੂਰ ਹੈ, ਪਰ ਇਸ ਨੂੰ ਅਟੱਲ ਮੰਨਣਾ ਵੀ ਜਲਦਬਾਜ਼ੀ ਹੋਵੇਗੀ। ਪੰਜਾਬ ਦੀ ਸਿਆਸਤ ਵਿੱਚ ਖੇਤਰੀ ਅਤੇ ਪੰਥਕ ਤਾਕਤ ਲਈ ਅਜੇ ਵੀ ਥਾਂ ਹੈ। ਇਸ ਥਾਂ ਨੂੰ ਮੁੜ ਹਾਸਲ ਕਰਨ ਲਈ ਪਾਰਟੀ ਨੂੰ ਆਪਣੇ ਅਤੀਤ ਦੀ ਸਿਰਫ਼ ਮਹਿਮਾ ਗਾਉਣ ਦੀ ਬਜਾਏ ਉਸ ਤੋਂ ਸਿੱਖਣਾ ਪਵੇਗਾ। ਸਭ ਤੋਂ ਪਹਿਲਾਂ ਉਸ ਨੂੰ ਵਿਅਕਤੀ ਤੋਂ ਸੰਗਠਨ, ਪਰਿਵਾਰ ਤੋਂ ਪਾਰਟੀ ਅਤੇ ਅਤੀਤ ਤੋਂ ਭਵਿੱਖ ਵੱਲ ਵਧਣਾ ਪਵੇਗਾ। ਪੰਥਕ ਵਿਰਾਸਤ ਨੂੰ ਆਧੁਨਿਕ ਲੋਕ-ਭਲਾਈ ਦੀ ਸਿਆਸਤ ਨਾਲ ਜੋੜ ਕੇ ਇਹ ਸਾਬਤ ਕਰਨਾ ਪਵੇਗਾ ਕਿ ਅਕਾਲੀ ਦਲ ਕਿਸੇ ਪਰਿਵਾਰ ਦੀ ਸਿਆਸੀ ਜਾਇਦਾਦ ਨਹੀਂ, ਸਗੋਂ ਪੰਜਾਬ ਦੇ ਲੋਕਾਂ ਦੀ ਇਤਿਹਾਸਕ ਜਥੇਬੰਦਕ ਵਿਰਾਸਤ ਹੈ।

2027 ਦੀਆਂ ਵਿਧਾਨ ਸਭਾ ਚੋਣਾਂ ਅਕਾਲੀ ਦਲ ਲਈ ਸਿਰਫ਼ ਇੱਕ ਹੋਰ ਚੋਣ ਨਹੀਂ ਹੋਣਗੀਆਂ, ਸਗੋਂ ਇਸ ਗੱਲ ਦੀ ਪਰਖ ਹੋਣਗੀਆਂ ਕਿ ਪਾਰਟੀ ਆਪਣੀ ਇਤਿਹਾਸਕ ਵਿਰਾਸਤ ਨੂੰ ਬਦਲਦੇ ਪੰਜਾਬ ਦੀਆਂ ਆਸਾਂ-ਉਮੀਦਾਂ ਨਾਲ ਜੋੜ ਕੇ ਮੁੜ ਭਰੋਸੇਯੋਗ ਸਿਆਸੀ ਤਾਕਤ ਬਣ ਸਕਦੀ ਹੈ ਜਾਂ ਨਹੀਂ। ਬੇਸ਼ੱਕ ਅਕਾਲੀ ਦਲ ਕੋਲ ਅਜੇ ਵੀ ਵੱਡੀ ਇਤਿਹਾਸਕ ਵਿਰਾਸਤ, ਪਿੰਡ ਪੱਧਰ ’ਤੇ ਸੰਗਠਨ ਦੀ ਬੁਨਿਆਦ ਅਤੇ ਪੰਜਾਬ ਦੀ ਸਿਆਸੀ ਯਾਦ ਵਿੱਚ ਡੂੰਘੀ ਥਾਂ ਹੈ। ਪਰ ਚੋਣਾਂ ਸਿਰਫ਼ ਵਿਰਾਸਤ ਨਾਲ ਨਹੀਂ ਜਿੱਤੀਆਂ ਜਾਂਦੀਆਂ। ਪਾਰਟੀ ਨੂੰ ਨਵੀਂ ਪੀੜ੍ਹੀ ਨੂੰ ਅੱਗੇ ਲਿਆਉਣ, ਫ਼ੈਸਲਾ ਲੈਣ ਦੀ ਪ੍ਰਕਿਰਿਆ ਨੂੰ ਵਧੇਰੇ ਲੋਕਤੰਤਰਿਕ ਬਣਾਉਣ ਅਤੇ ਰਵਾਇਤੀ ਕਾਡਰ ਦਾ ਭਰੋਸਾ ਮੁੜ ਜਿੱਤਣ ਦੀ ਲੋੜ ਹੈ। ਇਸ ਦੇ ਨਾਲ ਧਾਰਮਿਕ ਸੰਸਥਾਵਾਂ ਦੀ ਖ਼ੁਦਮੁਖ਼ਤਿਆਰੀ ਬਾਰੇ ਸਪਸ਼ਟ ਰੁਖ਼ ਅਤੇ ਪੰਜਾਬ ਲਈ ਅਜਿਹਾ ਵਿਕਾਸ ਮਾਡਲ ਪੇਸ਼ ਕਰਨਾ ਪਵੇਗਾ, ਜਿਸ ਵਿੱਚ ਪੰਥਕ ਸਰੋਕਾਰਾਂ ਦੇ ਨਾਲ ਰੁਜ਼ਗਾਰ, ਨਸ਼ਾ ਮੁਕਤੀ, ਕਿਸਾਨੀ, ਉਦਯੋਗ, ਪਾਣੀ, ਸਿੱਖਿਆ, ਸਿਹਤ ਅਤੇ ਕਾਨੂੰਨ-ਵਿਵਸਥਾ ਕੇਂਦਰ ਵਿੱਚ ਹੋਣ।

ਅਕਾਲੀ ਦਲ ਦੇ ਸਾਹਮਣੇ ਹੁਣ ਅਸਲ ਸਵਾਲ ਇਹ ਨਹੀਂ ਕਿ 2027 ਵਿੱਚ ਉਹ ਕਿੰਨੀਆਂ ਸੀਟਾਂ ਜਿੱਤੇਗਾ। ਸਵਾਲ ਇਹ ਹੈ ਕਿ ਕੀ ਉਹ ਮੁੜ ਪੰਜਾਬ ਦੇ ਲੋਕਾਂ ਦੇ ਦਿਲਾਂ ਵਿੱਚ ਉਹ ਥਾਂ ਬਣਾ ਸਕੇਗਾ, ਜਿੱਥੋਂ ਕਦੇ ਉਸ ਦੀ ਸਿਆਸੀ ਤਾਕਤ ਜਨਮ ਲੈਂਦੀ ਸੀ। ਸਿਆਸਤ ਵਿੱਚ ਚੋਣ ਹਾਰ ਕੇ ਪਾਰਟੀ ਬਚ ਸਕਦੀ ਹੈ, ਸੱਤਾ ਗੁਆ ਕੇ ਵੀ ਮੁੜ ਸੱਤਾ ਵਿੱਚ ਆ ਸਕਦੀ ਹੈ। ਪਰ ਜਦੋਂ ਲੋਕਾਂ ਦਾ ਭਰੋਸਾ ਚਲਾ ਜਾਵੇ ਤਾਂ ਵਾਪਸੀ ਦਾ ਰਸਤਾ ਸਭ ਤੋਂ ਔਖਾ ਹੋ ਜਾਂਦਾ ਹੈ। ਅਕਾਲੀ ਦਲ ਦੀ ਅਸਲ ਪਰਖ ਹੁਣ ਚੋਣ ਮੈਦਾਨ ਵਿੱਚ ਨਹੀਂ, ਭਰੋਸੇ ਦੇ ਮੈਦਾਨ ਵਿੱਚ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ,**
**ਸਿੱਖ ਚਿੰਤਕ, 9781355522**

# ਮਾਨ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਦਾ ਹਰ ਵਰਗ ਨੂੰ ਮਿਲ ਰਿਹਾ ਲਾਭ: ਓਐਸਡੀ ਸੁਖਵੀਰ ਸਿੰਘ ਸੁੱਖੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਦੇ ਹੱਲ ਅਤੇ ਸੂਬੇ ਦੇ ਵਿਕਾਸ ਲਈ ਲਗਾਤਾਰ ਵੱਡੇ ਪੱਧਰ ’ਤੇ ਕੰਮ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕੀਤਾ। ਉਨਾਂ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਅਤੇ ਖੇਤੀਬਾੜੀ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦਾ ਸਿੱਧਾ ਲਾਭ ਸੂਬੇ ਦੇ ਆਮ ਲੋਕਾਂ ਨੂੰ ਮਿਲ ਰਿਹਾ ਹੈ ਆਮ ਆਦਮੀ ਕਲੀਨਿਕਾਂ, ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ, ਮੁਫ਼ਤ ਬਿਜਲੀ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਸਰਕਾਰ ਦੀਆਂ ਅਹਿਮ ਪ੍ਰਾਪਤੀਆਂ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਵੀ ਸਰਕਾਰ ਵੱਲੋਂ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਪਿੰਡਾਂ ਵਿੱਚ ਸੜਕਾਂ, ਗਲੀਆਂ-ਨਾਲੀਆਂ, ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਮੁਹਿੰਮ, ਭ੍ਰਿਸ਼ਟਾਚਾਰ ’ਤੇ ਨਕੇਲ ਅਤੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਉਨ੍ਹਾਂ ਦੇ ਘਰਾਂ ਦੇ ਨੇੜੇ ਮੁਹੱਈਆ ਕਰਵਾਉਣ ਵੱਲੋ ਵੀ ਕੰਮ ਗੰਭੀਰਤਾ ਨਾਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆ ਨੀਤੀਆ ਦਾ ਕੇਂਦਰ ਆਮ ਲੋਕ ਹਨ ਅਤੇ ਆਉਣ ਵਾਲੇ ਦਿਨਾਂ ’ਚ ਪੰਜਾਬ ਦੇ ਵਿਕਾਸ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਚੇਅਰਮੈਨ ਰਣਯੋਧ ਸਿੰਘ ਕਾਂਝਲਾ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ, ਸਰਪੰਚ ਗੋਬਿੰਦਰ ਖੰਗੂੜਾ, ਦਰਸਨ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮੋਹਨਜੀਤ ਸਿੰਘ ਦੀ ਕੁੱਟਮਾਰ ਦੀ ਪੰਮਾ ਬਾਠ ਨੇ ਕੀਤੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ



ਧੂਰੀ ( ਰਣਜੀਤ ਸਿੰਘ ਪੇਧਨੀ )-ਪਿੰਡ ਸ਼ੇਰੋਂ ਵਿੱਚ ਨੌਜਵਾਨ ਮੋਹਨਜੀਤ ਸਿੰਘ ਨਾਲ ਵਾਪਰੀ ਘਟਨਾ ਨੂੰ ਲੈ ਕੇ ਸ੍ਰੋਮਣੀ ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ ਮਿਲਣੀ ਦੌਰਾਨ ਪੁਲਿਸ ਚੌਕੀ ਵਿੱਚ ਮੋਹਨਜੀਤ ਸਿੰਘ ਸੇਰੋਂ ਨਾਲ ਕਥਿਤ ਕੁੱਟਮਾਰ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਜਦੋਂ ਇਸ ਮਾਮਲੇ ਸਬੰਧੀ ਲੋਕਾਂ ਨੂੰ ਆਪਣੇ ਨਮਾਇੰਦਿਆਂ ਅਤੇ ਸਰਕਾਰ ਤੱਕ ਗੱਲ ਪਹੁੰਚਾਉਣ ਲਈ ਪੀੜਤ ਕਰਦੇ ਰਹੇ ਹਨ, ਹੁਣ ਆਪ ਸਰਕਾਰ ਦੇ ਮੁੱਖ ਮੰਤਰੀ ਦੇ ਸਾਹਮਣੇ ਸਵਾਲ ਉਠਾਉਣ ਵਾਲੇ ਨੌਜਵਾਨ ਨਾਲ ਕੁੱਟਮਾਰ ਹੋਣਾ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਮੋਹਨਜੀਤ ਸਿੰਘ ਲੋਕ ਮਿਲਣੀ ਦੌਰਾਨ ਇੱਕ ਚੁੱਭੀ ਤਸਵੀਰ ਹੋਣ ਬਾਰੇ ਵਿੱਚ ਲੱਗੇ ਨਸ਼ਿਆਂ ਦੇ ਮੁੱਦੇ ਅਤੇ ਸਰਕਾਰ ਖ਼ ?ਲਾਫ਼ ਵਿਰੋਧ ਜ਼ਾਹਿਰ ਕਰ ਰਿਹਾ ਸੀ। ਉਨ੍ਹਾਂ ਕਿ ਮਾਮਲੇ ਦੀ ਨਿਰਪੱਖ ਜਾਂਚ ਚਾਹੀਦੀ ਹੈ ਤਾਂ ਜੋ ਸੱਚਾਈ ਸਾਹਮਣੇ ਆ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਲੋਕਤੰਤਰ ਵਿੱਚ ਸਰਕਾਰ ਤੋਂ ਸਵਾਲ ਪੁੱਛਣਾ ਹਰ ਨਾਗਰਿਕ ਦਾ ਹੱਕ ਹੈ। ਜੇਕਰ ਸਰਕਾਰ ਲੋਕਾਂ ਦੇ ਸਵਾਲਾਂ ਦਾ ਸਾਹਮਣਾ ਨਹੀਂ ਕਰ ਸਕਦੀ ਤਾਂ ਇਹ ਲੋਕਤੰਤਰ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ੇਰੋਂ ਖੰਡ ਮਿੱਲ ਮੋਰਚਾ 110 ਵੇਂ ਦਿਨ ਵੀ ਜਾਰੀ, ਮਾਨ ਸਰਕਾਰ ਨੇ ਲੋਕਾਂ ਦੇ ਮਸਲਿਆਂ ਵੱਲ ਕੀਤੀ ਪਿੱਠ - ਐਸ.ਕੇ.ਐਮ

**ਤਰਨ ਤਾਰਨ 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼ੇਰੋਂ ਖੰਡ ਮਿੱਲ ਮੁੜ ਚਾਲੂ ਕਰਨ ਦੀ ਮੰਗ ਨੂੰ ਲੈ ਕੇ ਸਯੁੰਕਤ ਕਿਸਾਨ ਮੋਰਚੇ ਦੀ ਸਥਾਨਕ ਜ਼ਿਲ੍ਹਾ ਇਕਾਈ ਵਲੋਂ 21 ਮਈ ਤੋਂ ਲਗਾਏ ਪੱਕੇ ਮੋਰਚੇ ਦੇ 110 ਵੇਂ ਦਿਨ ਸੋਮਵਾਰ ਨੂੰ ਕਿਸਾਨ ਆਗੂਆਂ ਨੇ ਮਾਨ ਸਰਕਾਰ ਦੀ ਲੋਕਾਂ ਦੇ ਮਸਲਿਆਂ ਵੱਲ ਪਿੱਠ ਕਰਨ ਦੀ ਲੋਕ ਵਿਰੋਧੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।

ਇਸ ਮੌਕੇ ਤੇ ਹਾਜ਼ਰ ਵੱਖ- ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਜੱਸਾ ਸਿੰਘ ਕੱਦਗਿੱਲ , ਤਰਸੇਮ ਸਿੰਘ ਲੁਹਾਰ , ਮਨਜੀਤ ਸਿੰਘ ਬੱਗੂ , ਗੁਰਪ੍ਰੀਤ ਸਿੰਘ ਗੰਡੀਵਿੰਡ , ਡਾਕਟਰ ਇੰਦਰਜੀਤ ਸਿੰਘ ਮਰਹਾਣਾ ,ਜਸਬੀਰ ਸਿੰਘ ਨਿੱਝਰ ਆਦਿ ਨੇ ਕਿਹਾ ਕਿ ਸ਼ੇਰੋਂ ਖੰਡ ਮਿੱਲ ਦੇ ਮਸਲੇ ਤੇ ਪੰਜਾਬ ਦੀ ਮਾਨ ਸਰਕਾਰ ਦਾ ਰਵੱਈਆ ਬੇਹੱਦ ਗੈਰ ਜਿੰਮੇਵਾਰਾਨਾਂ ਅਤੇ ਗੈਰ ਸੰਜੀਦਾ ਹੈ ਕਿਉਂਕਿ ਆਮ ਆਦਮੀ ਪਾਰਟੀ ਦੇ ਸਥਾਨਕ ਜ਼ਿਲ੍ਹੇ ਨਾਲ ਸਬੰਧਤ ਐਮ ਐਲ ਏ ਲੋਕਾਂ ਦੇ ਇਸ ਮਹੱਤਵਪੂਰਨ ਮੁੱਦੇ ਤੇ ਸਯੁੰਕਤ ਕਿਸਾਨ ਮੋਰਚੇ ਦੀ ਲੀਡਰਸ਼ਿਪ ਨਾਲ ਪਿਛਲੇ ਇਕ ਸਾਲ ਤੋਂ ਗੱਲਬਾਤ ਕਰਨ ਲਈ ਵੀ ਤਿਆਰ ਨਹੀਂ ਹੋਏ । ਜਿਸ ਦੇ ਵਿਰੋਧ ਵਿੱਚ ਸਯੁੰਕਤ ਕਿਸਾਨ ਮੋਰਚੇ ਨੇ 21 ਮਈ ਤੋਂ ਪੱਕਾ ਮੋਰਚਾ ਲਗਾਇਆ ਹੈ ਜੋ ਵਿਧਾਨ ਸਭਾ ਚੋਣਾਂ ਤੱਕ ਲਗਾਤਾਰ ਜਾਰੀ ਰਹੇਗਾ ਅਤੇ ਪਿੰਡਾਂ ਵਿੱਚ ਆਮ ਆਦਮੀ ਪਾਰਟੀ ਦੇ ਚੋਣਾਂ ਲੜਣ ਵਾਲੇ ਲੀਡਰਾਂ ਨੂੰ ਖੰਡ ਮਿੱਲ ਦੇ ਮਸਲੇ ਤੇ ਜਵਾਬ ਦੇਣ ਲਈ ਮਜਬੂਰ ਕਰੇਗਾ।

ਇਸ ਮੌਕੇ ਤੇ ਹਾਜ਼ਰ ਹੋਰ ਕਿਸਾਨ ਆਗੂਆਂ ਰੇਸ਼ਮ ਸਿੰਘ ਫੈਲੋਕੇ , ਗੁਰਚਰਨ ਸਿੰਘ ਸਭਰਾ, ਕਸ਼ਮੀਰ ਸਿੰਘ ਸ਼ੇਰੋਂ , ਪ੍ਰਿੰਸੀਪਲ ਦਲਬੀਰ ਸਿੰਘ ਦਿਓਲ ,ਕਾ .ਚਰਨ ਸਿੰਘ ਤਰਨ ਤਾਰਨ , ਬਲਦੇਵ ਸਿੰਘ ਸ਼ੇਰੋਂ , ਗੁਰਮੇਜ ਸਿੰਘ ਗੋਰਖਾ , ਸੁਖਰਾਜ ਸਿੰਘ ਠੱਠੀਆਂ ਮਹੰਤਾਂ, ਬਲਵਿੰਦਰ ਸਿੰਘ ਮੁੰਡਾ ਪਿੰਡ , ਸਰਪੰਚ ਦਿਲਬਾਗ ਸਿੰਘ , ਕੈਪਟਨ ਸਿੰਘ ਬਘਿਆੜੀ , ਮਾਸਟਰ ਗੁਰਨਾਮ ਸਿੰਘ , ਹਰਭਜਨ ਸਿੰਘ ਚੂਸਲੇਵੜ , ਹਰਭਜਨ ਸਿੰਘ ਖਾਰਾ ਆਦਿ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਹੱਠ ਧਰਮੀ ਵਾਲੇ ਰਵੱਈਏ ਖਿਲਾਫ ਲੜੇ ਜਾ ਰਹੇ ਸੰਘਰਸ਼ ਨੂੰ ਹੋਰ ਮਜਬੂਤੀ ਨਾਲ ਲੜਣ ਦਾ ਅਹਿਦ ਲਿਆ।

### ਸਿੱਖ ਵਿਦਿਆਰਥੀ ਨਾਲ ਰੈਗਿੰਗ ਦੀ ਘਟਨਾ ਦੀ ਜਥੇਦਾਰ ਵੱਲੋਂ ਨਿੰਦਾ

# ਸਕੂਲ ਪ੍ਰਿੰਸੀਪਲ ਨੂੰ ਤੁਰੰਤ ਬਦਲਣ ਲਈ ਕਿਹਾ; ਪਰਿਵਾਰ ਨਾਲ ਖੜ੍ਹੇ ਹੋਣ ਦਾ ਦਿੱਤਾ ਭਰੋਸਾ



**ਸ੍ਰੀ ਅੰਮ੍ਰਿਤਸਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਹਿਮਾਚਲ ਪ੍ਰਦੇਸ਼ ਦੇ ਸੋਲਨ ਜ਼ਿਲ੍ਹੇ ਦੇ ਇੱਕ ਬੋਰਡਿੰਗ ਸਕੂਲ ਵਿੱਚ ਸਿੱਖ ਵਿਦਿਆਰਥੀ ਨਾਲ ਵਾਪਰੀ ਰੈਗਿੰਗ ਦੀ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਸਕੂਲ ਦੇ ਹੀ ਹੋਰ ਵਿਦਿਆਰਥੀਆਂ ਵੱਲੋਂ ਇੱਕ ਸਿੱਖ ਬੱਚੇ ਨਾਲ ਅਜਿਹਾ ਵਿਵਹਾਰ ਕੀਤਾ ਗਿਆ। ਅਜਿਹੀਆਂ ਘਟਨਾਵਾਂ ਨੂੰ ਰੋਕਣ ਦੀ ਪੂਰੀ ਜ਼ਿੰਮੇਵਾਰੀ ਸਕੂਲ ਪ੍ਰਸ਼ਾਸਨ ਦੀ ਬਣਦੀ ਹੈ ਅਤੇ ਕਿਸੇ ਵੀ ਬੱਚੇ ਨਾਲ ਇਸ ਤਰ੍ਹਾਂ ਦੀ ਹਰਕਤ ਨਹੀਂ ਹੋਣੀ ਚਾਹੀਦੀ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦੱਸਿਆ ਕਿ ਉਨ੍ਹਾਂ ਨੇ ਪੀੜਤ ਸਿੱਖ ਵਿਦਿਆਰਥੀ ਅਤੇ ਉਸ ਦੇ ਪਰਿਵਾਰ ਨਾਲ ਗੱਲਬਾਤ ਕੀਤੀ ਹੈ। ਉਨ੍ਹਾਂ ਪਰਿਵਾਰ ਨੂੰ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੰਦੇਸ਼ ਦਿੰਦਿਆਂ ਭਰੋਸਾ ਦਿੱਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਇਸ ਔਖੀ ਘੜੀ ਵਿੱਚ ਪਰਿਵਾਰ ਦੇ ਨਾਲ ਖੜ੍ਹਾ ਹੈ।

ਉਨ੍ਹਾਂ ਮੀਡੀਆ ਅਤੇ ਵੈੱਬ ਚੈਨਲਾਂ ਨੂੰ ਵੀ ਅਪੀਲ ਕੀਤੀ ਕਿ ਘਟਨਾ ਨਾਲ ਸਬੰਧਤ ਵਾਇਰਲ ਵੀਡੀਓ ਨੂੰ ਆਪਣੇ ਪਲੇਟਫਾਰਮਾਂ ’ਤੇ ਪ੍ਰਕਾਸ਼ਿਤ ਜਾਂ ਪ੍ਰਸਾਰਿਤ ਨਾ ਕੀਤਾ ਜਾਵੇ ਅਤੇ ਨਾ ਹੀ ਪੀੜਤ ਬੱਚੇ ਦੀ ਪਛਾਣ ਜਨਤਕ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪਰਿਵਾਰ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨਾ ਜ਼ਰੂਰੀ ਹੈ, ਕਿਉਂਕਿ ਇਹ ਮਾਮਲਾ ਬੱਚੇ ਦੇ ਭਵਿੱਖ ਨਾਲ ਜੁੜਿਆ ਹੋਇਆ ਹੈ।

ਜਥੇਦਾਰ ਨੇ ਕਿਹਾ ਕਿ ਪੀੜਤ ਬੱਚੇ ਦੇ ਪਰਿਵਾਰਕ ਮੈਂਬਰਾਂ ਵੱਲੋਂ ਕੀਤੀ ਗਈ ਸ਼ਿਕਾਇਤ ਤੋਂ ਬਾਅਦ ਹਿਮਾਚਲ ਪ੍ਰਦੇਸ਼ ਪੁਲਿਸ ਨੇ ਰੈਗਿੰਗ ਕਰਨ ਦੇ ਦੋਸ਼ ਹੇਠ ਮਾਮਲਾ ਦਰਜ ਕਰਕੇ ਸਖ਼ਤ ਧਾਰਾਵਾਂ ਤਹਿਤ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਹਾਲਾਂਕਿ, ਉਨ੍ਹਾਂ ਕਿਹਾ ਕਿ ਘਟਨਾ ਨਾਲ ਨਜਿੱਠਣ ਵਿੱਚ ਸਕੂਲ ਪ੍ਰਸ਼ਾਸਨ ਅਤੇ ਪ੍ਰਿੰਸੀਪਲ ਦੀ ਭੂਮਿਕਾ ਗੈਰ-ਸੰਜੀਦਾ ਅਤੇ ਤਸੱਲੀਬਖ਼ਸ਼ ਨਹੀਂ ਰਹੀ।

ਉਨ੍ਹਾਂ ਦੱਸਿਆ ਕਿ ਬੱਚੇ ਦੇ ਮਾਪਿਆਂ ਵੱਲੋਂ ਸਕੂਲ ਪ੍ਰਿੰਸੀਪਲ ਵਿਰੁੱਧ ਸ਼ਿਕਾਇਤਾਂ ਕੀਤੀਆਂ ਜਾ ਰਹੀਆਂ ਹਨ। ਇਸ ਦੇ ਮੱਦੇਨਜ਼ਰ ਉਨ੍ਹਾਂ ਸਕੂਲ ਪ੍ਰਸ਼ਾਸਨ ਨਾਲ ਗੱਲਬਾਤ ਕਰਕੇ ਪ੍ਰਿੰਸੀਪਲ ਨੂੰ ਤੁਰੰਤ ਬਦਲਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਜਿਹੜਾ ਪ੍ਰਿੰਸੀਪਲ ਵਿਦਿਆਰਥੀਆਂ ਵਿੱਚ ਅਨੁਸ਼ਾਸਨ ਕਾਇਮ ਰੱਖਣ ਵਿੱਚ ਅਸਫਲ ਰਹਿੰਦਾ ਹੈ, ਉਸ ਨੂੰ ਅਹੁਦੇ ’ਤੇ ਬਣੇ ਰਹਿਣਾ ਉਚਿਤ ਨਹੀਂ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਕੂਲ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਇੱਕ ਹਫ਼ਤੇ ਦੇ ਅੰਦਰ ਪ੍ਰਿੰਸੀਪਲ ਨੂੰ ਬਦਲ ਦਿੱਤਾ ਜਾਵੇਗਾ।

### ਸਟੇਟ ਯੋਗ ਚੈਂਪੀਅਨਸ਼ਿਪ ਵਿੱਚ ਰੋਸ਼ਨ ਬਜਾਜ ਨੇ ਜਿੱਤਿਆ ਪਹਿਲਾ ਸਥਾਨ

# ਫਿਰੋਜ਼ਪੁਰ ਤੇ ਹਾ ਹਾ ਬੀ ਹੈਪੀ ਗਰੁੱਪ ਦਾ ਨਾਂ ਕੀਤਾ ਰੋਸ਼ਨ



**ਫ਼ਿਰੋਜ਼ਪੁਰ, 07 ਸਤੰਬਰ (ਮਨੋਹਰ ਲਾਲ)** :— ਲੁਧਿਆਣਾ ਵਿਖੇ ਬੜੀ ਧੂਮਧਾਮ ਨਾਲ ਆਯੋਜਿਤ ਕੀਤੀ ਗਈ ਸਟੇਟ ਲੈਵਲ ਯੋਗ ਚੈਂਪੀਅਨਸ਼ਿਪ ਵਿੱਚ ਫਿਰੋਜ਼ਪੁਰ ਦੇ ਹੋਣਹਾਰ ਯੋਗ ਸਾਧਕ ਰੋਸ਼ਨ ਬਜਾਜ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸ ਵੱਡੀ ਪ੍ਰਾਪਤੀ ਨਾਲ ਉਨ੍ਹਾਂ ਨੇ ਫਿਰੋਜ਼ਪੁਰ ਸ਼ਹਿਰ ਦੇ ਨਾਲ—ਨਾਲ ਹਾ ਹਾ ਬੀ ਹੈਪੀ ਗਰੁੱਪ (ਯੋਗ ਅਤੇ ਸਕਿਲਿੰਗ ਵਿੰਗ) ਦਾ ਨਾਂ ਪੂਰੇ ਪੰਜਾਬ ਵਿੱਚ ਰੋਸ਼ਨ ਕੀਤਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਹਾ ਹਾ ਬੀ ਹੈਪੀ ਗਰੁੱਪ ਦੇ ਪ੍ਰਧਾਨ ਦੇਵ ਰਾਜ ਖੁੱਲਰ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ (ਯੋਗ ਤੇ ਸਕਿਲਿੰਗ ਵਿੰਗ) ਫਿਰੋਜ਼ਪੁਰ ਪਿਛਲੇ 10 ਸਾਲਾਂ ਤੋਂ ਲਗਾਤਾਰ ਸਥਾਨਕ ਬਾਗੀ ਪਾਰਕ ਵਿੱਚ ਰੋਜ਼ਾਨਾ ਮੁਫ਼ਤ ਯੋਗ ਸੈਸ਼ਨ ਅਤੇ ਸਕਿਲਿੰਗ ਦੇ ਕਾਰਜ ਕਰਦੀ ਆ ਰਹੀ ਹੈ। ਉਨ੍ਹਾਂ ਦੱਸਿਆ ਕਿ ਗਰੁੱਪ ਦਾ ਮੁੱਖ ਮਨੋਰਥ ਲੋਕਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ ਤੇ ਅਰੋਗ ਬਣਾਉਣਾ ਹੈ। ਸ੍ਰੀ ਖੁੱਲਰ ਨੇ ਆਪਣੇ ਸਾਰੇ ਸ਼ੁਭਚਿੰਤਕਾਂ ਅਤੇ ਸ਼ਹਿਰ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਉਹ ਰੋਜ਼ਾਨਾ ਬਾਗੀ ਪਾਰਕ ਵਿੱਚ ਚੱਲਣ ਵਾਲੇ ਯੋਗ ਸੈਸ਼ਨਾਂ ਵਿੱਚ ਵੱਧ—ਚੜ੍ਹ ਕੇ ਹਿੱਸਾ ਲੈਣ ਅਤੇ ਇਸ ਦਾ ਪੂਰਾ ਲਾਭ ਉਠਾਉਣ। ਉਨ੍ਹਾਂ ਕਰੋ ਯੋਗ, ਰਹੋ ਨਿਰੋਗ ਦਾ ਨਾਅਰਾ ਬੁਲੰਦ ਕਰਦਿਆਂ ਕਿਹਾ ਕਿ ਜੇਕਰ ਅਸੀਂ ਨਿਯਮਿਤ ਤੌਰ ਤੇ ਯੋਗ ਅਪਣਾਵਾਂਗੇ ਤਾਂ ਸਾਨੂੰ ਡਾਕਟਰਾਂ ਦੇ ਚੱਕਰ ਨਹੀਂ ਕੱਟਣੇ ਪੈਣਗੇ। ਇਸ ਨਾਲ ਅਸੀਂ ਸਾਰੇ ਤੰਦਰੁਸਤ ਰਹਿ ਕੇ ਇੱਕ ਅਰੋਗ ਅਤੇ ਮਜ਼ਬੂਤ ਰਾਸ਼ਟਰ ਦੇ ਨਿਰਮਾਣ ਵਿੱਚ ਆਪਣਾ ਅਹਿਮ ਯੋਗਦਾਨ ਪਾ ਸਕਦੇ ਹਾਂ। ਇਸ ਖਾਸ ਮੌਕੇ ਤੇ ਭਾਰਤੀ ਯੋਗ ਫੈਡਰੇਸ਼ਨ ਦੇ ਰਾਸ਼ਟਰੀ ਪ੍ਰਧਾਨ ਡਾ: ਅਨਿਰੁੱਧ ਗੁਪਤਾ ਵੱਲੋਂ ਸ਼੍ਰੀ ਰੋਸ਼ਨ ਬਜਾਜ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਜਿੱਤ ਲਈ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਉਨ੍ਹਾਂ ਹਾ ਹਾ ਬੀ ਹੈਪੀ ਗਰੁੱਪ ਵੱਲੋਂ ਯੋਗ ਦੇ ਪ੍ਰਚਾਰ—ਪ੍ਰਸਾਰ ਅਤੇ ਸਮਾਜ ਸੇਵਾ ਪ੍ਰਤੀ ਸਮਰਪਿਤ ਸੋਚ ਦੀ ਭਰਪੂਰ ਸ਼ਲਾਘਾ ਕੀਤੀ। ਇਸ ਖੁਸ਼ੀ ਦੇ ਮੌਕੇ ਤੇ ਗਰੁੱਪ ਦੇ ਪ੍ਰਧਾਨ ਦੇਵਰਾਜ ਖੁੱਲਰ, ਜੋਇੰਟ ਸੈਕਟਰੀ ਜਾਗੀਰ ਸਿੰਘ, ਵਿਜੇ ਮਹਿਤਾ ਤੋਂ ਇਲਾਵਾ ਸ਼ਹਿਰ ਦੇ ਵੱਡੀ ਸੰਖਿਆ ਵਿੱਚ ਯੋਗ ਪ੍ਰੇਮੀ, ਸਾਧਕ ਅਤੇ ਪਤਵੰਤੇ ਸੱਜਣ ਹਾਜ਼ਰ ਸਨ, ਜਿਨ੍ਹਾਂ ਨੇ ਰੋਸ਼ਨ ਬਜਾਜ ਨੂੰ ਮੁਬਾਰਕਬਾਦ ਦਿੱਤੀ।

# ਤਾਮਿਲ ਭਾਸ਼ਾ ਵਿੱਚ ਸਿੱਖ ਦਰਸ਼ਨ ਅਤੇ ਵਿਚਾਰਧਾਰਾ ਨੂੰ ਪੇਸ਼ ਕਰਨ ਵਾਲੀ ਕਿਤਾਬ ‘ਕੈਪਟਿਵੇਟਿੰਗ ਸਿੰਪਲ ਹਾਰਟਸ’ ਹੋਈ ਜਾਰੀ




ਨਵੀਂ ਦਿੱਲੀ 7 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਤਾਮਿਲਨਾਡੂ ਵਿੱਚ ਪਹਿਲੀ ਵਾਰ ਸਿੱਖ ਦਰਸ਼ਨ ਅਤੇ ਵਿਚਾਰਧਾਰਾ ਨੂੰ ਤਾਮਿਲ ਭਾਸ਼ਾ ਵਿੱਚ ਪੇਸ਼ ਕਰਨ ਵਾਲੀ ਕਿਤਾਬ ‘ਕੈਪਟਿਵੇਟਿੰਗ ਸਿੰਪਲ ਹਾਰਟਸ’ ਜਾਰੀ ਕੀਤੀ ਗਈ। ਅੰਗਰੇਜ਼ੀ ਵਿੱਚ ਭਜਨ ਸਿੰਘ ਵੱਲੋਂ ਲਿਖੀ ਇਸ ਕਿਤਾਬ ਦਾ ਤਾਮਿਲ ਅਨੁਵਾਦ ਐਡਵੋਕੇਟ ਸਰਦਾਰ ਜੀਵਨ ਸਿੰਘ ਨੇ ਕੀਤਾ ਹੈ। ਸਾਬਕਾ ਯੂਨੀਵਰਸਿਟੀ ਵਾਈਸ- ਚਾਂਸਲਰ ਜਵਾਹਰ ਨੇਸਨ ਨੇ ਸੀਨੀਅਰ ਸਿੱਖਿਆ ਸ਼ਾਸਤਰੀਆਂ, ਸਮਾਜ ਸੁਧਾਰਕਾਂ ਅਤੇ ਨਾਰੀਵਾਦੀ ਕਾਰਕੁਨਾਂ ਦੀ ਮੌਜੂਦਗੀ ਵਿੱਚ ਕਿਤਾਬ ਰਿਲੀਜ਼ ਕੀਤੀ। ਸਮਾਗਮ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਤਾਮਿਲਨਾਡੂ ਵਿੱਚ ਅਜਿਹੇ ਵਿਚਾਰਧਾਰਕ ਅਤੇ ਸੰਸਥਾਗਤ ਯਤਨਾਂ ਦੀ ਘਾਟ ਹੈ, ਜੋ ਮਜ਼ਬੂਤ ਰਾਜਨੀਤਿਕ ਤੇ ਸੱਭਿਆਚਾਰਕ ਮੁੱਲਾਂ ਨੂੰ ਉਤਸ਼ਾਹਿਤ ਕਰ ਸਕਣ। ਉਨ੍ਹਾਂ ਆਸ ਪ੍ਰਗਟਾਈ ਕਿ ਤਾਮਿਲ ਭਾਸ਼ਾ ਵਿੱਚ ਸਿੱਖ ਦਰਸ਼ਨ ਦੀ ਇਹ ਪੇਸ਼ਕਾਰੀ ਆਉਣ ਵਾਲੇ ਸਮੇਂ ਵਿੱਚ ਵੱਡੀ ਵਿਚਾਰਧਾਰਕ ਚਰਚਾ ਨੂੰ ਜਨਮ ਦੇਵੇਗੀ। ਸਮਾਗਮ ਵਿੱਚ ਸ਼ਾਮਲ ਬੁੱਧੀਜੀਵੀਆਂ ਅਤੇ ਸਮਾਜਿਕ ਕਾਰਕੁਨਾਂ ਨੇ ਸਿੱਖ ਪਛਾਣ ਨੂੰ ਹਿੰਦੂਤਵ ਅਤੇ ਬ੍ਰਾਹਮਣਵਾਦੀ ਵਿਚਾਰਧਾਰਾਵਾਂ ਤੋਂ ਵੱਖਰੇ ਵਿਚਾਰਧਾਰਕ ਸਰੂਪ ਵਜੋਂ ਪੇਸ਼ ਕਰਨ ’ਤੇ ਜ਼ੋਰ ਦਿੱਤਾ। ਇਸ ਮੌਕੇ ਤਾਮਿਲਨਾਡੂ ਦੇ ਲੋਕਾਂ ਤੱਕ ਸਿੱਖ ਫਲਸਫੇ, ਮਨੁੱਖੀ ਬਰਾਬਰੀ ਅਤੇ ਸਮਾਜਿਕ ਨਿਆਂ ਦੇ ਸੰਦੇਸ਼ ਨੂੰ ਸੱਭਿਆਚਾਰਕ ਅਤੇ ਰਾਜਨੀਤਿਕ ਪੱਧਰ ’ਤੇ ਪਹੁੰਚਾਉਣ ਲਈ ਸਰਗਰਮੀ ਨਾਲ ਕੰਮ ਕਰਨ ਦਾ ਫੈਸਲਾ ਵੀ ਕੀਤਾ ਗਿਆ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਖੇ ਮਨਾਇਆ ਅਧਿਆਪਕ ਦਿਵਸ



ਫ਼ਿਰੋਜ਼ਪੁਰ, 07 ਸਤੰਬਰ (ਮਨੋਹਰ ਲਾਲ) :— ਮੋਗਾ ਰੋਡ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਖੇ ਅਧਿਆਪਕ ਦਿਵਸ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਮਹਾਂਸਚਿਵ ਸ਼ਿਵਮ ਸ਼ਰਮਾ ਦੀ ਅਗਵਾਈ ਹੇਠ ਕਰਵਾਏ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਪ੍ਰਤੀ ਪਿਆਰ, ਸਨਮਾਨ ਤੇ ਧੰਨਵਾਦ ਦਾ ਪ੍ਰਗਟਾਵਾ ਕੀਤਾ। ਸਮਾਗਮ ਦੀ ਸ਼ੁਰੂਆਤ ਅਧਿਆਪਕਾਂ ਨੂੰ ਸਮਰਪਿਤ ਕਵਿਤਾ ਪਾਠ ਤੇ ਸੁਰੀਲੇ ਗੀਤਾਂ ਨਾਲ ਹੋਈ, ਇਸ ਉਪਰੰਤ ਵਿਦਿਆਰਥੀਆਂ ਨੇ ਵੱਖ—ਵੱਖ ਪੇਸ਼ਕਾਰੀਆਂ ਰਾਹੀਂ ਆਪਣੀ ਕਲਾ, ਰਚਨਾਤਮਕਤਾ ਤੇ ਆਤਮ ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਕਾਰਡ ਮੇਕਿੰਗ ਰਾਹੀਂ ਆਪਣੇ ਪਸੰਦੀਦਾ ਅਧਿਆਪਕਾਂ ਲਈ ਪਿਆਰ ਤੇ ਧੰਨਵਾਦ ਦੇ ਸੰਦੇਸ਼ ਲਿਖੇ, ਇਸ ਦੇ ਨਾਲ ਹੀ ਗੁਪਤ ਪ੍ਰਸੰਸਾ ਨੋਟਸ ਰਾਹੀਂ ਅਧਿਆਪਕਾਂ ਦੇ ਵਿਸ਼ੇਸ਼ ਗੁਣਾਂ ਤੇ ਉਨ੍ਹਾਂ ਪ੍ਰਤੀ ਆਪਣੀਆਂ ਭਾਵਨਾਵਾਂ ਸਾਂਝੀਆਂ ਕੀਤੀਆਂ। ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਮਹਾਂਸਚਿਵ ਸ਼ਿਵਮ ਸ਼ਰਮਾ ਨੇ ਵਿਦਿਆਰਥੀਆਂ ਦੀ ਭਾਗੀਦਾਰੀ ਤੇ ਰਚਨਾਤਮਕਤਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਹੌਸਲਾ ਵਧਾਇਆ। ਉਨ੍ਹਾਂ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਦੀ ਸ਼ਖ਼ਸੀਅਤ ਅਤੇ ਭਵਿੱਖ ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਵੀ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਆਪਣੇ ਅਧਿਆਪਕਾਂ ਦਾ ਹਮੇਸ਼ਾ ਸਨਮਾਨ ਕਰਨ ਅਤੇ ਉਨ੍ਹਾਂ ਦੀ ਰਹਿਨੁਮਾਈ ਨੂੰ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤ ਵਿੱਚ ਸਾਰੇ ਅਧਿਆਪਕਾਂ ਨੂੰ ਸ਼ੁਭਕਾਮਨਾਵਾਂ ਅਤੇ ਧੰਨਵਾਦ ਭੇਂਟ ਕੀਤਾ ਗਿਆ।

# ਫਰੀਡਮ ਫਾਈਟਰਜ ਦੇ ਪਰਿਵਾਰਾਂ ਨੂੰ ਹਦਾਇਤਾਂ ਮੁਤਾਬਿਕ ਮਿਲੇ ਸਰਕਾਰੀ ਨੌਕਰੀ—ਪਰਮਜੀਤ ਕੌਰ, ਹਰੀ ਸਿੰਘ



ਫ਼ਿਰੋਜ਼ਪੁਰ, 07 ਸਤੰਬਰ (ਮਨੋਹਰ ਲਾਲ) :— ਫਰੀਡਮ ਫਾਈਟਰ ਵੱਲੋਂ ਪਾਏ ਇਕ ਹੋਰ ਪੱਤਰ ਵਿਚ ਮਨੁੱਖੀ ਅਧਿਕਾਰ ਪੰਜਾਬ ਨੇ ਸਿਫਾਰਸ਼ ਕੀਤੀ ਹੈ ਕਿ ਫਰੀਡਮ ਫਾਈਟਰ ਦੇ ਇਕ ਮੈਂਬਰ ਨੂੰ ਨੌਕਰੀ ਜਾਂ ਜਮੀਨ ਜਾਂ ਪਲਾਟ ਦਿੱਤਾ ਜਾਵੇ, ਪਰ ਸਰਕਾਰ ਕੋਈ ਰਾਹਤ ਨਹੀਂ ਦੇ ਰਹੀ। ਇਸ ਸਬੰਧੀ ਗੱਲਬਾਤ ਕਰਦਿਆਂ ਪਰਮਜੀਤ ਕੌਰ ਅਤੇ ਹਰੀ ਸਿੰਘ ਤੇ ਕਿਸ਼ਨ ਸਿੰਘ ਨੇ ਦੱਸਿਆ ਕਿ ਉਹ ਪਿੰਡ ਰੱਤਾ ਖੇੜਾ ਪੰਜਾਬ ਸਿੰਘ ਵਾਲਾ ਤਹਿਸੀਲ ਵਾ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਰਹਿਣ ਵਾਲੀ ਹੈ। ਉਨ੍ਹਾਂ ਦੱਸਿਆ ਕਿ ਇਕ ਪੱਤਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਨੁੱਖੀ ਅਧਿਕਾਰ ਪੰਜਾਬ ਨੂੰ ਭੇਜਿਆ ਗਿਆ ਸੀ, ਜਿਨ੍ਹਾਂ ਦਾ ਜਵਾਬ ਪੱਤਰ ਨੰਬਰ 2022ਬੀ 7/1388057 ਮਿਤੀ 2/5/22 ਅਤੇ ਆਮ ਰਾਜ ਪ੍ਰਬੰਧ ਵਿਭਾਗ ਸੁਤੰਤਰਤਾ ਸੰਗਰਾਮੀ ਸ਼ਾਖਾ ਐਫ ਨੰਬਰ 30 ਐਫ.ਆਰ.ਜੈਡ 1/2022—2 ਐਫ.ਐਫ/368551 ਦਾ ਜਵਾਬ ਅਤੇ ਫਰੀਡਮ ਫਾਈਟਰ ਉੱਤਰਾਅਧਿਕਾਰੀ ਸੰਸਥਾ ਪੰਜਾਬ ਰਜਿ: 10—3—2025 ਅਤੇ ਦਫਤਰ ਮੁੱਖ ਮੰਤਰੀ ਪੰਜਾਬ ਜਨਰਲ ਸ਼ਾਖਾ 2/57/22 23—3—2023 ਦਾ ਜਵਾਬ ਅਤੇ ਦਫਤਰ ਮੁੱਖ ਮੰਤਰੀ ਪੰਜਾਬ 4854495 ਮਿਤੀ 1/2/2025 ਨੂੰ ਵੀ ਜਵਾਬ ਪ੍ਰਾਪਤ ਹੋਇਆ ਹੈ, ਜਿਸ ਵਿਚ ਉਨ੍ਹਾਂ ਵੀ ਲਿਖਿਆ ਹੈ ਕਿ ਫਰੀਡਮ ਫਾਈਟਰ ਦੇ ਇਕ ਜੀ ਨੂੰ ਨੌਕਰੀ ਜਾਂ ਜਮੀਨ/ਪਲਾਟ ਦਿੱਤਾ ਜਾਵੇ, ਪਰ ਇਨ੍ਹਾਂ ਨੂੰ ਚਿੱਠੀਆਂ ਪਾ ਕੇ ਅਤੇ ਪੂਰਾ ਕੀਤਾ ਜਾਂਦਾ ਹੈ। ਗੱਲਬਾਤ ਕਰਦਿਆਂ ਹਰੀ ਸਿੰਘ ਅਤੇ ਪਰਮਜੀਤ ਕੌਰ ਨੇ ਦੱਸਿਆ ਕਿ ਮੇਰੇ ਪਿਤਾ ਅਤੇ ਮੇਰਾ ਸੋਹਰਾ ਜਿਨ੍ਹਾਂ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਤਸੀਹੇ ਝੱਲੇ ਅਤੇ ਕਈ ਵਾਰੀ ਜੇਲ੍ਹ ਕੱਟੀਆਂ ਜਿਸ ਦਾ ਸਿਫਾਰਸ਼ ਰਾਸ਼ਟਰਪਤੀ ਗਿਆਨੀ ਜੈਲ ਸਿੰਘ ਨੇ ਵੀ ਕੀਤੀ ਸੀ, ਕਿ ਇਨ੍ਹਾਂ ਦੇ ਇਕ ਜੀਅ ਨੂੰ ਨੌਕਰੀ ਜਾਂ ਜਮੀਨ ਦਿੱਤੀ ਜਾਵੇ, ਪਰ ਜਦੋਂ ਵੀ ਕੋਈ ਮੁੱਖ ਮੰਤਰੀ ਬਣਦਾ ਹੈ ਸਾਨੂੰ ਸਿਰਫ ਲਾਰੇ ਤੋਂ ਸਿਵਾਏ ਕੁਝ ਨਹੀਂ ਦਿੱਤਾ ਜਾਂਦਾ, ਜਦ ਕਿ ਅਸੀਂ ਫਰੀਡਮ ਫਾਈਟਰ ਆਜ਼ਾਦੀ ਘੁਲਾਟੀਏ ਪਰਿਵਾਰ ਵਿਚੋਂ ਹਾਂ, ਸਾਨੂੰ ਪੰਜਾਬ ਸਰਕਾਰ 15 ਅਗਸਤ ਅਤੇ 26 ਜਨਵਰੀ ਨੂੰ ਸਾਰੇ ਆਜ਼ਾਦੀ ਘੁਲਾਟੀਏ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਅਤੇ ਇਸ ਵਾਰ 15 ਅਗਸਤ ਨੂੰ ਸਾਨੂੰ ਕਾਰਡ ਵੀ ਨਹੀਂ ਦਿੱਤੇ ਗਏ, ਜਦ ਕਿ ਪਹਿਲਾਂ ਪਟਵਾਰੀ ਘਰ ਆ ਕੇ ਸੱਦਾ ਪੱਤਰ ਕਾਰਡ ਦੇ ਕੇ ਫੋਟੋ ਲੈ ਕੇ ਜਾਂਦਾ ਸੀ ਅਤੇ ਇਸ ਵਾਰ ਸਾਡੇ ਆਜ਼ਾਦੀ ਘੁਲਾਟੀਆਂ ਦੇ ਕਾਰਡ ਵੀ ਨਹੀਂ ਬਣੇ। ਉਨ੍ਹਾਂ ਕਿਹਾ ਕਿ ਫਰੀਡਮ ਫਾਈਟਰਾਂ ਨੂੰ ਬੁਲਾਉਣ ਲਈ ਡਿਪਟੀ ਕਮਿਸ਼ਨ ਨੇ ਕਾਰਡ ਬਣਾਉਣੇ ਹੁੰਦੇ ਹਨ, ਪੰਜਾਬ ਸਰਕਾਰ ਦੀ ਹਦਾਇਤ ਅਨੁਸਾਰ, ਪਰ ਇਸ ਵਾਰ ਅਜਿਹਾ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਅਸੀਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਬੇਨਤੀ ਕਰਦੇ ਹਾਂ ਕਿ ਸਾਡੀਆਂ ਦਰਖਾਸਤਾਂ ਅਤੇ ਆਜਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਇਕ—ਇਕ ਜੀਅ ਨੂੰ ਨੌਕਰੀ ਦਿੱਤੀ ਜਾਵੇ ਅਤੇ ਜਮੀਨ/ਪਲਾਟ ਦਿੱਤਾ ਜਾਵੇ, ਕਿਉਂਕਿ ਮੇਰੇ ਪਿਤਾ ਕ੍ਰਿਸ਼ਨ ਸਿੰਘ ਨੇ ਪੈਨਸ਼ਨ ਨਹੀਂ ਲਈ ਸੀ ਅਤੇ ਮਾਨਯੋਗ ਰਾਸ਼ਟਰਪਤੀ ਨੇ ਮਿਲ ਕੇ ਨੌਕਰੀ ਅਤੇ ਜਮੀਨ ਦੀ ਸਿਫਾਰਸ਼ ਕੀਤੀ ਸੀ ਅਤੇ ਪੈਨਸ਼ਨ ਵੋ ਤੇ ਇੰਨਕਾਰ ਕਰ ਦਿੱਤਾ ਸੀ।

### ਖਾਲਸਾ ਅਕੈਡਮੀ ਮਹਿਤਾ ਵਿਖੇ

# ਸਿੱਖਿਆ ਦੇ ਸਿਤਾਰਿਆਂ ਨੂੰ ਮਿਲਿਆ 'ਵਿਦਿਆ ਜੋਤ' ਸਨਮਾਨ



**ਚੌਂਕ ਮਹਿਤਾ, 7 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਦਮਦਮੀ ਟਕਸਾਲ ਦੇ ਮੁਖੀ ਅਤੇ ਪ੍ਰਧਾਨ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਅਧਿਆਪਕ ਦਿਵਸ ਮੌਕੇ 'ਵਿਦਿਆ ਜੋਤ ਸਨਮਾਨ' ਸਮਾਗਮ ਕਰਵਾਇਆ ਗਿਆ।

ਆਲ ਇੰਡੀਆ ਸਕੂਲਜ ਐਸੋਸੀਏਸ਼ਨ (ਆਇਸਾ) ਵੱਲੋਂ ਖਾਲਸਾ ਅਕੈਡਮੀ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸਮਾਗਮ ਦੌਰਾਨ ਉੱਤਰੀ ਭਾਰਤ ਤੋਂ ਪਹੁੰਚੇ ਲਗਭਗ 200 ਸਕੂਲਾਂ ਦੇ ਚੇਅਰਮੈਨ, ਡਾਇਰੈਕਟਰ, ਪ੍ਰਿੰਸੀਪਲ ਅਤੇ ਸਕੂਲ ਮੁਖੀਆਂ ਦਾ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।

ਜਿਕਰਯੋਗ ਹੈ ਕਿ ਇਸ ਸਮਾਗਮ ਦਾ ਆਯੋਜਨ ਕਰਨ ਵਿਚ ਆਇਸਾ ਦੇ ਪ੍ਰਧਾਨ ਮਨਦੀਪ ਸਿੰਘ ਮਾਲੜਾ, ਅਰੁਣ ਮਲਿਕਾ, ਡਾਇਰੈਕਟਰ ਅਤੇ ਦੇਸ਼ ਭਗਤ ਸੰਸਥਾਵਾਂ ਨੇ ਵਿਸ਼ੇਸ਼ ਭੂਮਿਕਾ ਨਿਭਾਈ।

ਇਸ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਸਕੂਲ ਮੁਖੀਆਂ ਅਤੇ ਸਿੱਖਿਆ ਸੰਸਥਾਵਾਂ ਦੇ ਪ੍ਰਬੰਧਕਾਂ ਵੱਲੋਂ ਸਮੇਂ ਸਮੇਂ 'ਤੇ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

**ਕਿਤਾਬੀ ਗਿਆਨ ਦੇ ਨਾਲ ਚੰਗੇ ਸੰਸਕਾਰ ਦੇਣਾ ਅਧਿਆਪਕਾਂ ਦੀ ਵੱਡੀ ਜ਼ਿੰਮੇਵਾਰੀ : ਬਾਬਾ ਹਰਨਾਮ ਸਿੰਘ ਖਾਲਸਾ**

ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਆਖਿਆ ਕਿ ਅਧਿਆਪਕ ਕਿਸੇ ਵੀ ਕੌਮ ਅਤੇ ਸਮਾਜ ਦੇ ਭਵਿੱਖ ਦੇ ਅਸਲ ਨਿਰਮਾਤਾ ਹੁੰਦੇ ਹਨ। ਉਹ ਵਿਦਿਆਰਥੀਆਂ ਨੂੰ ਸਿਰਫ਼ ਸਿੱਖਿਆ ਨਹੀਂ ਦਿੰਦੇ, ਬਲਕਿ ਉਨ੍ਹਾਂ ਅੰਦਰ ਚੰਗੇ ਸੰਸਕਾਰ, ਨੈਤਿਕ ਕਦਰਾਂ-ਕੀਮਤਾਂ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ। 'ਵਿਦਿਆ ਜੋਤ ਸਨਮਾਨ' ਸਮਾਗਮ ਰਾਹੀਂ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਅ ਰਹੇ ਸਕੂਲ ਮੁਖੀਆਂ ਅਤੇ ਸਿੱਖਿਆ ਪ੍ਰਬੰਧਕਾਂ ਦਾ ਸਨਮਾਨ ਕਰਨਾ ਮਾਣ ਵਾਲੀ ਗੱਲ ਹੈ। ਅਜਿਹੇ ਸਮਾਗਮ ਅਧਿਆਪਕ ਵਰਗ ਦਾ ਹੌਸਲਾ ਵਧਾਉਣ ਦੇ ਨਾਲ-ਨਾਲ ਸਮਾਜ ਨੂੰ ਸਿੱਖਿਆ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਦੇ ਹਨ। ਸਾਡਾ ਉਦੇਸ਼ ਹੈ ਕਿ ਨੌਜਵਾਨ ਪੀੜ੍ਹੀ ਆਧੁਨਿਕ ਸਿੱਖਿਆ ਦੇ ਨਾਲ ਗੁਰਮਤਿ, ਚੰਗੇ ਚਰਿੱਤਰ ਅਤੇ ਉੱਚੇ ਆਦਰਸ਼ਾਂ ਨਾਲ ਜੁੜੇ।

ਸਮਾਗਮ ਦੌਰਾਨ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਖਾਲਸਾ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਦਸ਼ਮੇਸ਼ ਸੰਸਥਾਵਾਂ ਦੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਸਮੂਹ ਅਧਿਆਪਕ ਸਾਹਿਬਾਨ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

### ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ

# ਵਿਸ਼ੇਸ਼ ਤੌਰ 'ਤੇ ਅਧਿਆਪਕਾਂ ਦਾ ਸਨਮਾਨ



**ਜਗਰਾਉਂ (ਵਰਿਆਮ ਹਠੂਰ)**-ਜਿਲ੍ਹਾ ਲੁਧਿਆਣਾ ਦੇ ਪ੍ਰਸਿੱਧ ਤੇ ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਆਈਡੀਅਲ ਕੌਨਵੈਂਟ ਸਕੂਲ ਵਿਖੇ ਅਧਿਆਪਕ ਦਿਵਸ ਨੂੰ ਮੁੱਖ ਰੱਖਦਿਆਂ ਇੱਕ ਵਿਸ਼ੇਸ ਪਾਰਟੀ ਦਾ ਅਯੋਜਨ ਕੀਤਾ ਗਿਆ, ਜਿੱਥੇ ਸਕੂਲ ਵਿਦਿਆਰਥੀ ਅਤੇ ਵਿਦਿਆਰਥਣਾਂ ਵੱਲੋਂ ਆਪਣੇ ਸਤਿਕਾਰਯੋਗ ਅਧਿਆਪਕ ਸਹਿਬਾਨਾਂ ਨੂੰ ਅਧਿਆਪਕ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਉੱਥੇ ਅਧਿਆਪਕਾਂ ਨੇ ਵੀ ਇੱਕ ਦੂਸਰੇ ਅਧਿਆਪਕ ਨੂੰ ਟੀਚਰ ਡੇਅ ਦੀਆਂ ਵਧਾਈਆਂ ਦਿੱਤੀਆਂ, ਤੇ ਖਾਣ ਪੀਣ ਦਾ ਵਿਸ਼ੇਸ਼ ਅਰੇਜਮੈਂਟ ਕੀਤਾ ਗਿਆ, ਇਸ ਮੌਕੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਸਮੂਹ ਟੀਚਰਾਂ ਨੂੰ ਵਿਸ਼ੇਸ਼ ਤੌਰ ਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਅਧਿਆਪਕ ਮਿਸਾਲ ਦੀ ਤਰ੍ਹਾਂ ਹੁੰਦੇ ਹਨ। ਜੋ ਆਪ ਬਲ੍ਹ ਕੇ ਦੂਜਿਆਂ ਲਈ ਚਾਨਣ ਮੁਨਾਰਾ ਬਣਦੇ ਹਨ। ਅਧਿਆਪਕ ਜਿੱਥੇ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਿਲ ਕਰਵਾਉਂਦੇ ਹਨ। ਉੱਥੇ ਬੱਚਿਆਂ ਵਿੱਚ ਅੱਛੇ ਸੰਸਕਾਰ ਪੈਦਾ ਕਰਦੇ ਹਨ। ਸਾਡੇ ਸਕੂਲ ਦਾ ਸਮੂਹ ਮਿਹਨਤੀ ਸਟਾਫ ਬੱਚਿਆਂ ਦਾ ਭਵਿੱਖ ਉਜਵਲ ਬਣਾਉਣ ਲਈ ਅਤੇ ਉਨ੍ਹਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਲਗਾਤਾਰ ਸਖ਼ਤ ਮਿਹਨਤ ਕਰ ਰਿਹਾ ਹੈ। ਸਾਨੂੰ ਸਾਡੇ ਸਕੂਲ ਦੇ ਸਮੂਹ ਅਧਿਆਪਕਾਂ ਤੇ ਬਹੁਤ ਮਾਣ ਹੈ। ਅੰਤ ਵਿੱਚ ਸਮੂਹ ਅਧਿਆਪਕ ਸਹਿਬਾਨਾਂ ਨੇ ਸਕੂਲ ਮੈਨਜਮੈਂਟ, ਪ੍ਰਿੰਸੀਪਲ ਅਤੇ ਵਾਇਸ ਪ੍ਰਿੰਸੀਪਲ ਦਾ ਵਿਸ਼ੇਸ ਤੌਰ ਤੇ ਯਾਦਗਾਰੀ ਸਨਮਾਨ ਚਿੰਨ੍ਹ ਦੇਣ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਮੈਡਮ ਸੁਖਦੀਪ ਕੌਰ, ਅਮਨਜੋਤ ਕੌਰ, ਹਰਵਿੰਦਰ ਕੌਰ, ਗੁਰਪ੍ਰੀਤ ਕੌਰ, ਚਰਨਜੀਤ ਕੌਰ, ਸਨਦੀਪ ਕੌਰ, ਅਰਸ਼ਦੀਪ ਕੌਰ, ਅਮਨਦੀਪ ਕੌਰ ਪ੍ਰਭਜੋਤ ਕੌਰ, ਮਧੂ ਮਿੱਤਲ, ਵਰਿੰਦਰ ਕੌਰ, ਸਨਦੀਪ ਕੌਰ, ਨਵਜੋਤ ਸਿੰਘ, ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਅਧਿਆਪਕ ਮਿਸਾਲ ਦੀ ਤਰ੍ਹਾਂ ਬਲ ਕੇ ਦੂਜਿਆਂ ਲਈ ਚਾਨਣ ਮੁਨਾਰਾ ਬਣਦੇ ਹਨ : ਪ੍ਰਿੰਸੀਪਲ ਧਾਲੀਵਾਲ**

## ਲੰਡਨ ਦੇ ਗੁਰਦੁਆਰਾ ਸਾਹਿਬ 'ਚ ਆਰਐਸਐਸ ਮੁਖੀ ਦੀ ਗੁਪਤ ਫੇਰੀ 'ਤੇ ਭੜਕਿਆ ਸਿੱਖਾਂ ਦਾ ਗੁੱਸਾ ਕਿਹਾ 'ਗੁਰੂ ਘਰਾਂ ਨੂੰ ਸਿਆਸੀ ਸੌਦੇਬਾਜ਼ੀ ਦਾ ਅੱਡਾ ਨਹੀਂ ਬਣਨ ਦਿਆਂਗੇ'



**ਨਵੀਂ ਦਿੱਲੀ, 7 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਖਾਲਸਾ ਜੱਥਾ ਬ੍ਰਿਟਿਸ਼ ਆਇਲਜ਼ ਗੁਰਦੁਆਰਾ ਸਾਹਿਬ (ਲੰਡਨ) ਵਿੱਚ ਆਰਐਸਐਸ ਮੁਖੀ ਮੋਹਨ ਭਾਗਵਤ ਦੀ ਗੁਪਤ ਫੇਰੀ ਨੇ ਪੂਰੇ ਯੂਕੇ ਦੇ ਸਿੱਖ ਭਾਈਚਾਰੇ ਵਿੱਚ ਰੋਸ ਦੀ ਲਹਿਰ ਦੌੜਾ ਦਿੱਤੀ ਹੈ। ਸੰਗਤ ਤੋਂ ਚੋਰੀ-ਛਿਪੇ ਕਰਵਾਈ ਗਈ ਇਸ ਮੀਟਿੰਗ ਨੂੰ ਲੈ ਕੇ ਸਿੱਖਾਂ ਵਿੱਚ ਭਾਰੀ ਰੋਸ ਹੈ। ਦਰਜਨਾਂ ਗੁਰਦੁਆਰਾ ਕਮੇਟੀਆਂ ਅਤੇ ਸਿੱਖ ਜਥੇਬੰਦੀਆਂ ਨੇ ਪ੍ਰਬੰਧਕਾਂ ਵੱਲੋਂ ਕੀਤੀ ਗਈ ਇਸ ਹਰਕਤ ਨੂੰ "ਸੰਗਤ ਅਤੇ ਗੁਰੂ ਘਰ ਨਾਲ ਸਿੱਧਾ ਧੋਖਾ" ਕਰਾਰ ਦਿੱਤਾ ਹੈ। 'ਸੰਗਤ ਪਿੱਛੇ ਪਿੱਠ 'ਚ ਛੁਰਾ ਘੋਪਿਆ' ਹੈ। ਸਿੱਖ ਫੈਡਰੇਸ਼ਨ (ਯੂਕੇ) ਨੇ ਪ੍ਰਬੰਧਕਾਂ ਅਤੇ ਟਰੱਸਟੀਆਂ 'ਤੇ ਤਿੱਖਾ ਹਮਲਾ ਬੋਲਦਿਆਂ ਦੋਸ਼ ਲਾਇਆ ਕਿ ਇਹ ਕਦਮ ਭਾਰਤੀ ਹਾਈ ਕਮਿਸ਼ਨ ਦੇ ਇਸ਼ਾਰੇ 'ਤੇ ਚੱਲ ਰਹੇ ਚਾਪਲੂਸਾਂ ਦੀ ਸਾਜ਼ਿਸ਼ ਦਾ ਨਤੀਜਾ ਹੈ। ਸਿੱਖ ਫੈਡਰੇਸ਼ਨ ਦੇ ਰਣਨੀਤੀ ਬੋਰਡ ਦੇ ਚੇਅਰ ਭਾਈ ਅਮਰੀਕ ਸਿੰਘ ਨੇ ਸਖ਼ਤ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਗੁਰਦੁਆਰੇ ਸਾਡੀ ਸ਼ਰਨ, ਸਤਿਕਾਰ ਅਤੇ ਏਕਤਾ ਦੇ ਅਸਥਾਨ ਹਨ। ਇਨ੍ਹਾਂ ਨੂੰ ਘੱਟਗਿਣਤੀ-ਵਿਰੋਧੀ ਅਤੇ ਫਿਰਕੂ ਤਾਕਤਾਂ ਦੀਆਂ ਸਿਆਸੀ ਰੋਟੀਆਂ ਸੇਕਣ ਦਾ ਮੰਚ ਨਹੀਂ ਬਣਨ ਦਿੱਤਾ ਜਾਵੇਗਾ। ਸੰਗਤ ਦੀ ਪਿੱਠ ਪਿੱਛੇ ਆਰ.ਐਸ.ਐਸ. ਵਰਗੀ ਸੰਸਥਾ ਦੇ ਪ੍ਰਧਾਨ ਦਾ ਸਵਾਗਤ ਕਰਨਾ ਸਿੱਖੀ ਸਿਧਾਂਤਾਂ 'ਤੇ ਵੱਡਾ ਡਾਕਾ ਹੈ। ਜਥੇਬੰਦੀ ਨੇ ਆਰ.ਐਸ.ਐਸ. ਦੀ ਵਿਚਾਰਧਾਰਾ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਇਸ ਸੰਸਥਾ ਦਾ ਮੁੱਖ ਮਨੋਰਥ ਸਿੱਖਾਂ ਦੀ ਵੱਖਰੀ ਧਾਰਮਿਕ ਪਛਾਣ, ਗੁਰਬਾਣੀ, ਇਤਿਹਾਸ ਅਤੇ ਸੰਸਥਾਵਾਂ ਨੂੰ ਹਿੰਦੂਤਵ ਦੀ ਛੱਤਰੀ ਹੇਠ ਲਿਆ ਕੇ ਖ਼ਤਮ ਕਰਨਾ ਹੈ। ਓਨ੍ਹਾ ਕਿਹਾ ਆਰਐਸਐਸ ਨੂੰ ਸਿਰਫ਼ ਸੱਭਿਆਚਾਰਕ ਸੰਸਥਾ ਦੱਸ ਕੇ ਗੁਰਦੁਆਰਾ ਪ੍ਰਬੰਧਕ ਅਸਲ ਖ਼ਤਰੇ ਨੂੰ ਨਜ਼ਰਅੰਦਾਜ਼ ਕਰ ਰਹੇ ਹਨ। ਓਨ੍ਹਾ ਗੰਭੀਰ ਚੇਤਾਵਨੀ ਦੇਂਦਿਆ ਕਿਹਾ ਬ੍ਰਿਟੇਨ ਦੀ ਸਿੱਖ ਸੰਗਤ ਅਜਿਹੇ ਸਿਆਸੀ ਸੌਦਿਆਂ 'ਤੇ ਚੁੱਪ ਨਹੀਂ ਬੈਠੇਗੀ। ਗੁਰੂ ਘਰ ਦੀਆਂ ਦੇਹਲੀਆਂ ਨੂੰ ਅਜਿਹੀਆਂ ਫਿਰਕੂ ਤਾਕਤਾਂ ਨੂੰ ਜਾਇਜ਼ਤਾ ਦੇਣ ਲਈ ਵਰਤਣ ਵਾਲਿਆਂ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ। ਸਿੱਖ ਫੈਡਰੇਸ਼ਨ (ਯੂਕੇ) ਨੇ ਬ੍ਰਿਟੇਨ ਦੀਆਂ ਸਮੁੱਚੀਆਂ ਧਾਰਮਿਕ ਅਤੇ ਨਾਗਰਿਕ ਸੰਸਥਾਵਾਂ ਨੂੰ ਵੀ ਤਾੜਨਾ ਕੀਤੀ ਹੈ ਕਿ ਉਹ ਧਾਰਮਿਕ ਧਰੁਵੀਕਰਨ ਅਤੇ ਬਹੁਗਿਣਤੀਵਾਦੀ ਏਜੰਡਾ ਚਲਾਉਣ ਵਾਲੀਆਂ ਜਥੇਬੰਦੀਆਂ ਨੂੰ ਆਪਣੇ ਮੰਚ ਵਰਤਣ ਤੋਂ ਬਿਨਾਂ ਸ਼ਰਤ ਰੋਕਣ।

ਆਵਾਜ਼ਿ ਕੌਮ AWAZE QAUM International Newspaper & WEB TV

## ਨਾਮੀ ਵਕੀਲ ਸ੍ਰ. ਬਲਵੰਤ ਸਿੰਘ ਢਿੱਲੋਂ ਕੋਟਭਾਰਾ ਨਹੀਂ ਰਹੇ, ਅੰਤਮ ਸੰਸਕਾਰ ਮੌਕੇ ਵੱਖ ਵੱਖ ਜਥੇਬੰਦੀਆਂ ਦੇ ਨੁਮਾਇੰਦੇ ਹੋਏ ਹਾਜਰ



**ਨਵੀਂ ਦਿੱਲੀ, 7 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਆਪਣੇ ਸਮਿਆਂ 'ਚ ਚਰਚਿਤ ਰਹੇ ਉਘੇ ਵਕੀਲ ਸ੍ਰ. ਬਲਵੰਤ ਸਿੰਘ ਢਿੱਲੋਂ ਅਚਾਨਕ ਅਕਾਲ ਚਲਾਣਾ ਕਰ ਗਏ। ਬਠਿੰਡਾ ਵਿਖੇ ਕੀਤੇ ਉਹਨਾਂ ਦੇ ਅੰਤਮ ਸੰਸਕਾਰ ਮੌਕੇ ਵੱਖ ਵੱਖ ਜਥੇਬੰਦੀਆਂ ਦੇ ਨੁਮਾਇੰਦੇ ਹਾਜਰ ਹੋਏ। ਜ਼ਿਕਰਯੋਗ ਹੈ ਕਿ ਪੰਜਾਬ 'ਚ ਸਿੱਖ ਲਹਿਰ ਦੌਰਾਨ ਉਹਨਾਂ ਨੇ ਵੱਡੀ ਗਿਣਤੀ 'ਚ ਪੀੜ੍ਹਤ ਤੇ ਸਰਗਰਮ ਸਿੱਖ ਨੌਜਵਾਨਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਦਾਨ ਕਰਕੇ ਕਾਨੂੰਨੀ ਜਿੱਤ ਹਾਸਲ ਕੀਤੀ। ਸ੍ਰੀਮਤੀ ਰਜਿੰਦਰ ਕੌਰ ਭੱਠਲ ਦੇ ਮੁੱਖ ਮੰਤਰੀ ਹੁੰਦਿਆਂ ਉਹਨਾਂ ਇੱਕ ਵੱਡੇ ਸਕੈਨਡਲ ਦਾ ਪਰਦਾਫਾਸ ਕੀਤਾ। ਸ੍ਰ. ਬਲਵੰਤ ਸਿੰਘ ਦੇ ਅੰਤਮ ਸੰਸਕਾਰ ਮੌਕੇ ਉਹਨਾਂ ਦੇ ਪਰਿਵਾਰ ਤੇ ਪੁੱਤਰ ਵਕੀਲ ਵਰਿੰਦਰ ਸਿੰਘ ਢਿੱਲੋਂ, ਵਕੀਲ ਜਤਿੰਦਰ ਸਿੰਘ ਢਿੱਲੋਂ, ਬਾਰ ਐਸੋਸੀਏਸ਼ਨ ਦੇ ਉਪ ਪ੍ਰਧਾਨ ਗੁਲਸਨਦੀਪ ਸਿੰਘ ਸਿੱਧੂ, ਨਸਾ ਮੁਕਤੀ ਗੁਰਮਤਿ ਪ੍ਰਚੰਡ ਲਹਿਰ ਦੇ ਪ੍ਰਮੁੱਖ ਸੇਵਾਦਾਰ ਸ੍ਰ. ਜਸਕਰਨ ਸਿੰਘ ਸਿਵੀਆਂ, ਲੇਖਕ ਬਲਜਿੰਦਰ ਸਿੰਘ ਕੋਟਭਾਰਾ, ਵਕੀਲ ਅਰਸਦੀਪ ਸਿੰਘ ਸਿਵੀਆ, ਬਾਰ ਦੇ ਸਾਬਕਾ ਪ੍ਰਧਾਨ ਕੰਵਲਜੀਤ ਸਿੰਘ ਕੁੱਟੀ, ਲਿਕਇੰਦਰ ਸਿੰਘ ਭਾਈਕਾ, ਵਕੀਲ ਰਣਜੀਤ ਸਿੰਘ ਜਲਾਲ, ਮਹਿੰਦਰ ਸਿੰਘ ਸਿੱਧੂ, ਆਪ ਦੇ ਆਗੂ ਰਾਜੂ ਕੋਟਭਾਰਾ, ਕੇਵਲ ਸਿੰਘ ਕੋਟਭਾਰਾ, ਬੀ.ਕੇ.ਯੂ. ਸਿੱਧੂਪੁਰ ਦੇ ਬਲਦੇਵ ਸਿੰਘ ਰੁਮਾਣਾ, ਸੀਨੀਅਰ ਐਡਵੋਕੇਟ ਮਿੱਠੂ ਰਾਮ ਗੁਪਤਾ, ਬਾਰ ਐਸੋਸੀਏਸਨ ਤਲਵੰਡੀ ਦੇ ਪ੍ਰਧਾਨ ਸਤਿੰਦਰਪਾਲ ਸਿੰਘ ਸਿੱਧੂ, ਹਰਜੀਤ ਸਿੰਘ ਢਿੱਲੋਂ ਤੋਂ ਇਲਾਕੇ ਦੇ ਵੱਡੀ ਗਿਣਤੀ 'ਚ ਵਕੀਲ ਤੇ ਨਾਮੀ ਸਖ਼ਸੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਢਾਬ ਸਾਹਿਬ ਮਾੜੀ ਕੰਬੋਕੇ ਵਿਖੇ

# ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਵਾਲਿਆਂ ਨੇ ਹਾਜ਼ਰੀ ਭਰੀ








(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਬਾਬਾ ਸੁੱਖਾ ਸਿੰਘ ਜੀ ਬਾਬਾ ਮਹਿਤਾਬ ਸਿੰਘ ਜੀ ਦਾ ਸਲਾਨਾ ਜੋੜ ਮੇਲਾ ਗੁਰਦੁਆਰਾ ਢਾਬ ਸਾਹਿਬ ਮਾੜੀ ਕੰਬੋਕੇ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿੱਚ ਪੰਥਕ ਅਕਾਲੀ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਭਤੀਜੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾ ਵਾਲਿਆਂ ਨੇ ਪਹੁੰਚ ਕੇ ਹਾਜ਼ਰੀ ਭਰੀ ਅਤੇ ਸੰਗਤਾਂ ਨੂੰ ਬਾਬਾ ਸੁੱਖਾ ਸਿੰਘ ਜੀ ਬਾਬਾ ਮਹਿਤਾਬ ਸਿੰਘ ਜੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਨਾਲ ਹੀ ਸੰਗਤਾਂ ਨੂੰ ਨਾਮ ਬਾਣੀ ਸਿਮਰਨ ਨਾਲ ਜੋੜਿਆ। ਗੁਰਦੁਆਰਾ ਢਾਬ ਸਾਹਿਬ ਜੀ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੇ ਅਤੇ ਸੰਤ ਬਾਬਾ ਸੁਰਜੀਤ ਸਿੰਘ ਜੀ ਕੈਰੋਂ ਵਾਲਿਆਂ ਵੱਲੋਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਹੋਰਾਂ ਦਾ ਸਨਮਾਨ ਕੀਤਾ ਗਿਆ ।ਇਸ ਮੌਕੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਆਲ ਇੰਡੀਆ, ਜਥੇਦਾਰ ਵਜ਼ੀਰ ਸਿੰਘ ਜੀ ਵਾਂ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਹਲਕਾ ਇੰਚਾਰਜ ਖੇਮਕਰਨ, ਭਾਈ ਸੁਖਦੇਵ ਸਿੰਘ ਜੀ ਵਾੜਾ ਤੇਲੀਆਂ ਇਕਾਈ ਪ੍ਰਧਾਨ, ਬਾਬਾ ਦਇਆ ਸਿੰਘ ਜੀ ਵਾੜਾ ਸ਼ੇਰ ਸਿੰਘ, ਬਾਬਾ ਗੁਰਮੁਖ ਸਿੰਘ ਜੀ ਤਰਨ ਤਾਰਨ, ਭਾਈ ਸੁਖਦੇਵ ਸਿੰਘ ਵਾੜਾ ਤੇਲੀਆਂ ਕਿਸਾਨ ਆਗੂ, ਅਤੇ ਹੋਰ ਬੇਅੰਤ ਸੰਗਤਾਂ ਸੰਤ ਮਹਾਂਪੁਰਖ ਵਿਸ਼ੇਸ਼ ਤੌਰ ਤੇ ਪਹੁੰਚੇ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਯੂ.ਕੇ. 'ਚ ਭਾਈ ਜਸਵੰਤ ਸਿੰਘ ਖਾਲੜਾ ਦੀ ਯਾਦ 'ਚ ਸ਼ਹੀਦੀ ਸਮਾਗਮ

# ਬੁਲਾਰਿਆਂ ਨੇ ਖਾਲਿਸਤਾਨ ਦੇ ਨਿਸ਼ਾਨੇ ਪ੍ਰਤੀ ਵਚਨਬੱਧਤਾ ਦੁਹਰਾਈ



**ਲੰਡਨ, 7 ਸਤੰਬਰ (ਸਰਬਜੀਤ ਸਿੰਘ ਬਨੂੜ)**- ਮਨੁੱਖੀ ਅਧਿਕਾਰਾਂ ਲਈ ਸੰਘਰਸ਼ ਕਰਦਿਆਂ ਪੰਜਾਬ ਪੁਲਸ ਵੱਲੋਂ ਸ਼ਹੀਦ ਕੀਤੇ ਭਾਈ ਜਸਵੰਤ ਸਿੰਘ ਖਾਲੜਾ ਦੀ ਯਾਦ ਵਿੱਚ ਗੁਰੂ ਨਾਨਕ ਗੁਰਦੁਆਰਾ ਵੈਸਟ ਬਰਾਮਿਚ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਸ਼ਹੀਦੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਪੰਥਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਾਈ ਖਾਲੜਾ ਦੀ ਸ਼ਹਾਦਤ ਨੂੰ ਸਿਜਦਾ ਕਰਦਿਆਂ ਪੰਜਾਬ ਦੇ ਮੌਜੂਦਾ ਹਾਲਾਤ, ਮਨੁੱਖੀ ਅਧਿਕਾਰਾਂ, ਬੰਦੀ ਸਿੰਘਾਂ ਦੀ ਰਿਹਾਈ ਅਤੇ ਸਿੱਖ ਕੌਮ ਦੇ ਭਵਿੱਖ ਸਬੰਧੀ ਵਿਚਾਰ ਸਾਂਝੇ ਕੀਤੇ। ਸਮਾਗਮ ਵਿੱਚ ਫੈਡਰੇਸ਼ਨ ਆਫ ਸਿੱਖ ਆਰਗੇਨਾਈਜ਼ੇਸ਼ਨਜ਼ ਯੂ.ਕੇ. ਦੇ ਕੋਆਰਡੀਨੇਟਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਰਜਿਸਟਰਡ ਦੇ ਪ੍ਰਧਾਨ ਭਾਈ ਸਰਬਜੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਯੂ.ਕੇ. ਦੇ ਪ੍ਰਧਾਨ ਭਾਈ ਗੁਰਦੇਵ ਸਿੰਘ ਚੌਹਾਨ, ਯੂਨਾਈਟਿਡ ਖਾਲਸਾ ਦਲ ਯੂ.ਕੇ. ਦੇ ਭਾਈ ਨਿਰੰਜਨ ਸਿੰਘ ਬਾਸੀ, ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਭਰਾ ਤੇ ਸਾਬਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਖਾਲੜਾ, ਭਾਈ ਰਜਿੰਦਰ ਸਿੰਘ ਸੰਧੂ (ਖਾਲੜਾ), ਸ਼ਾਬਕਾ ਮੇਅਰ ਤੇ ਖਾਲਿਸਤਾਨ ਆਗੂ ਭਾਈ ਜੋਗਿੰਦਰ ਸਿੰਘ ਬੱਲ ਸਲੋਹ ਅਤੇ ਭਾਈ ਕੁਲਦੀਪ ਸਿੰਘ ਨਿਹੰਗ ਨੇ ਸੰਗਤਾਂ ਨੂੰ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਮਨੁੱਖੀ ਅਧਿਕਾਰਾਂ ਅਤੇ ਲਾਪਤਾ ਕੀਤੇ ਗਏ ਲੋਕਾਂ ਲਈ ਕੀਤਾ ਗਿਆ ਸੰਘਰਸ਼ ਸਿੱਖ ਇਤਿਹਾਸ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਰਕਾਰਾਂ ਭਾਵੇਂ ਕਿਸੇ ਵੀ ਪਾਰਟੀ ਦੀਆਂ ਹੋਣ, ਪਰ ਕੇਂਦਰ ਦੀਆਂ ਨੀਤੀਆਂ ਦਾ ਪ੍ਰਭਾਵ ਸੂਬੇ ਦੇ ਫ਼ੈਸਲਿਆਂ 'ਤੇ ਬਣਿਆ ਰਹਿੰਦਾ ਹੈ। ਬੁਲਾਰਿਆਂ ਨੇ ਖਾਲਿਸਤਾਨ ਨੂੰ ਸਿੱਖ ਕੌਮ ਦੀਆਂ ਸਮੱਸਿਆਵਾਂ ਦਾ ਹੱਲ ਦੱਸਦਿਆਂ ਇਸ ਨਿਸ਼ਾਨੇ ਲਈ ਸ਼ਾਂਤਮਈ ਅਤੇ ਨਿਸ਼ਕਾਮ ਯਤਨਾਂ ਨੂੰ ਅੱਗੇ ਵਧਾਉਣ ਦਾ ਸੱਦਾ ਦਿੱਤਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਾਲਾ ਝੰਡਾ ਦਿਖਾ ਕੇ ਰੋਸ ਪ੍ਰਗਟਾਉਣ ਵਾਲੇ ਨੌਜਵਾਨ ਮੋਹਣਜੀਤ ਸਿੰਘ 'ਤੇ ਕਥਿਤ ਪੁਲਸ ਤਸ਼ੱਦਦ ਦੀ ਸਖ਼ਤ ਨਿਖੇਧੀ ਕੀਤੀ ਗਈ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਸ਼ਾਂਤਮਈ ਢੰਗ ਨਾਲ ਵਿਰੋਧ ਪ੍ਰਗਟਾਉਣ ਵਾਲੇ ਨੌਜਵਾਨ ਨਾਲ ਪੁਲਸ ਵੱਲੋਂ ਅਣਉਚਿਤ ਵਰਤਾਅ ਕੀਤਾ ਗਿਆ। ਉਨ੍ਹਾਂ ਨੇ ਮਾਮਲੇ ਦੀ ਨਿਰਪੱਖ ਜਾਂਚ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ। ਬੁਲਾਰਿਆਂ ਨੇ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਮਿਲੀਆਂ ਪੈਰੋਲਾਂ ਅਤੇ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ ਦੀ ਰਿਹਾਈ ਦੇ ਮਾਮਲਿਆਂ ਵਿੱਚ ਕਥਿਤ ਦੋਹਰੇ ਮਾਪਦੰਡਾਂ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਨੇ ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਉਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਸਮੇਤ ਬੰਦੀ ਸਿੰਘਾਂ ਦੇ ਕੇਸਾਂ ਦੀ ਕਾਨੂੰਨ ਅਤੇ ਮਨੁੱਖੀ ਅਧਿਕਾਰਾਂ ਦੇ ਆਧਾਰ 'ਤੇ ਸਮੀਖਿਆ ਕਰਨ ਦੀ ਮੰਗ ਕੀਤੀ। ਬੁਲਾਰਿਆਂ ਨੇ ਦਾਅਵਾ ਕੀਤਾ ਕਿ ਘੱਟ-ਗਿਣਤੀਆਂ ਨਾਲ ਨਿਆਂ ਦੇ ਮਾਮਲੇ ਵਿੱਚ ਵਿਤਕਰਾ ਕੀਤਾ ਜਾ ਰਿਹਾ ਹੈ। ਸਮਾਗਮ ਵਿੱਚ ਸਿੱਖ ਸੰਘਰਸ਼ ਅਤੇ ਇਸ ਨਾਲ ਸਬੰਧਤ ਸ਼ਖ਼ਸੀਅਤਾਂ ਦੀ ਫ਼ਿਲਮਾਂ ਵਿੱਚ ਕੀਤੀ ਜਾ ਰਹੀ ਪੇਸ਼ਕਾਰੀ 'ਤੇ ਵੀ ਇਤਰਾਜ਼ ਪ੍ਰਗਟਾਇਆ ਗਿਆ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਕੁਝ ਫ਼ਿਲਮਾਂ ਵਿੱਚ ਸਿੱਖ ਸੰਘਰਸ਼ ਦੇ ਇਤਿਹਾਸ ਨੂੰ ਗਲਤ ਢੰਗ ਨਾਲ ਪੇਸ਼ ਕੀਤਾ ਜਾ ਰਿਹਾ ਹੈ ਅਤੇ ਅਜਿਹੀ ਪੇਸ਼ਕਾਰੀ ਦੀ ਤੱਥਾਂ ਦੇ ਆਧਾਰ 'ਤੇ ਸਮੀਖਿਆ ਹੋਣੀ ਚਾਹੀਦੀ ਹੈ। ਇਸ ਮੌਕੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਭਰਾਵਾਂ, ਸਾਕਾ 13 ਅਪ੍ਰੈਲ 1978 ਦੇ ਸ਼ਹੀਦ ਭਾਈ ਰਘਬੀਰ ਸਿੰਘ ਦੀ ਸਿੰਘਣੀ ਬੀਬੀ ਹਰਦੇਵ ਕੌਰ ਅਤੇ ਜੂਨ 84 ਦੇ ਘੱਲੂਘਾਰੇ ਦੇ ਰੋਸ ਵਿੱਚ ਲੰਡਨ ਵਿੱਚ ਭਾਰਤੀ ਦੂਤਾਵਾਸ ਨੂੰ ਨੁਕਸਾਨ ਪਹੁੰਚਾਉਣ ਤੇ ਸਾਬਕਾ ਮੇਅਰ ਭਾਈ ਜੋਗਿੰਦਰ ਸਿੰਘ ਬੱਲ, ਭਾਈ ਸਤਨਾਮ ਸਿੰਘ ਕੰਗ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਜਥੇਬੰਦੀਆਂ ਵੱਲੋਂ ਸਿਰੋਪਾਓ ਅਤੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਦੀ ਨਵੀਂ ਕਿਤਾਬ 'ਸਿੱਦਕੀ ਤੇ ਸੰਘਰਸ਼ੀ' ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਕਿਤਾਬ ਵਿੱਚ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਸਿੰਘਣੀ ਬੀਬੀ ਪਰਮਜੀਤ ਕੌਰ ਖਾਲੜਾ ਦੀ ਸੰਘਰਸ਼ਮਈ ਜ਼ਿੰਦਗੀ ਦਾ ਵਰਣਨ ਕੀਤਾ ਗਿਆ ਹੈ। ਕਿਤਾਬ ਨੂੰ ਬੀਬੀ ਰਸ਼ਿਪੰਦਰ ਕੌਰ ਗਿੱਲ ਵੱਲੋਂ ਸੰਪਾਦਿਤ ਅਤੇ ਪੀਂਘਾਂ ਸੋਚ ਦੀਆਂ ਪਬਲੀਕੇਸ਼ਨ ਵੱਲੋਂ ਪ੍ਰਕਾਸ਼ਿਤ ਕੀਤਾ ਗਿਆ ਹੈ। ਸਮਾਗਮ ਦੇ ਅੰਤ ਵਿੱਚ ਬੁਲਾਰਿਆਂ ਨੇ ਕਿਹਾ ਕਿ ਭਾਈ ਖਾਲੜਾ ਅਤੇ ਹੋਰ ਸ਼ਹੀਦਾਂ ਦੀ ਯਾਦ ਨੂੰ ਜਿਉਂਦਾ ਰੱਖਣ ਲਈ ਉਨ੍ਹਾਂ ਦੇ ਮਨੁੱਖੀ ਅਧਿਕਾਰਾਂ, ਨਿਆਂ ਅਤੇ ਕੌਮੀ ਹੱਕਾਂ ਸਬੰਧੀ ਵਿਚਾਰਾਂ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਜ਼ਰੂਰੀ ਹੈ।

> ☛ ਮੋਹਣਜੀਤ ਸਿੰਘ 'ਤੇ ਕਥਿਤ ਪੁਲਸ ਤਸ਼ੱਦਦ ਦੀ ਨਿਖੇਧੀ ☛ ਬੰਦੀ ਸਿੰਘਾਂ ਦੀ ਰਿਹਾਈ ਅਤੇ ਘੱਟ-ਗਿਣਤੀਆਂ ਦੇ ਹੱਕਾਂ ਲਈ ਕੀਤੀ ਅਵਾਜ਼ ਬੁਲੰਦ

### ਖ਼ਾਲਸਾ ਅਕੈਡਮੀ, ਜੱਬੋਵਾਲ (ਅੰਮ੍ਰਿਤਸਰ) ਦੇ ਵਿਦਿਆਰਥੀਆਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ (ਸਾਬੋ ਕੀ ਤਲਵੰਡੀ) ਵਿਖੇ

# ਭਰੀ ਕੀਰਤਨ ਹਾਜ਼ਰੀ-ਬਾਬਾ ਮਲਕੀਤ ਸਿੰਘ ਜੀ




**ਜੰਡਿਆਲਾ ਗੁਰੂ 7 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਖ਼ਾਲਸਾ ਅਕੈਡਮੀ ਦੇ ਮੁਖੀ ਭਾਈ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਯੂਅਰ ਸੇਵਾ ਸੰਸਥਾ ਯੂ ਕੇ ਵੱਲੋਂ ਚਲਾਏ ਜਾ ਰਹੇ ਵਿੱਦਿਅਕ ਅਦਾਰੇ ਸੰਤ ਬਾਬਾ ਗੁਰਬਖ਼ਸ਼ ਸਿੰਘ ਜੀ ਖ਼ਾਲਸਾ ਅਕੈਡਮੀ ਦੇ ਵਿਦਿਆਰਥੀਆਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ (ਸਾਬੋ ਕੀ ਤਲਵੰਡੀ) ਵਿਖੇ ਕੀਰਤਨ ਦੀ ਹਾਜ਼ਰੀ ਭਰੀ। ਤੰਤੀ ਸਾਜ਼ਾਂ ਦੀ ਵਿੱਦਿਆ ਦੇ ਰਹੇ ਭਾਈ ਸਤਨਾਮ ਸਿੰਘ (ਦਮਦਮੀ ਟਕਸਾਲ) ਜੀ ਦੀ ਕਰਵਾਈ ਮਿਹਨਤ ਸਦਕਾ ਭਾਈ ਬੂਟਾ ਸਿੰਘ (ਤਾਊਸ ਵਾਦਕ), ਨਿਸ਼ਾਨ ਸਿੰਘ (ਤਬਲਾ ਵਾਦਕ) ਅਤੇ ਭਾਈ ਗੁਰਮੁੱਖ ਸਿੰਘ (ਰਬਾਬੀ) ਜੀ ਨੇ ਆਪਣੇ ਉਸਤਾਦ ਭਾਈ ਸਤਨਾਮ ਸਿੰਘ ਜੀ ਨਾਲ ਤਖ਼ਤ ਸ੍ਰੀ ਦਮਦਮਾ ਸਾਹਿਬ (ਸਾਬੋ ਕੀ ਤਲਵੰਡੀ) ਵਿਖੇ ਚੱਲ ਰਹੇ ਸਮਾਗਮਾਂ ਵਿਖੇ ਕੀਰਤਨ ਦੀ ਹਾਜ਼ਰੀ ਲਗਵਾਈ। ਇਸ ਮੌਕੇ ਅਕੈਡਮੀ ਦੇ ਮੁੱਖ ਸੰਚਾਲਕ ਭਾਈ ਮਲਕੀਤ ਸਿੰਘ ਜੀ ਨੇ ਵਿਦਿਆਰਥੀਆਂ ਨੂੰ ਅਕੈਡਮੀ ਵਿਖੇ ਪੁੱਜਣ 'ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਦੱਸਿਆ ਕਿ ਗੁਰੂ ਸਾਹਿਬ ਜੀ ਬਖ਼ਿਸ਼ਸ਼ ਸਦਕਾ, ਸੰਤ ਬਾਬਾ ਗੁਰਬਖ਼ਸ਼ ਸਿੰਘ ਜੀ ਦੇ ਆਸ਼ੀਰਵਾਦ ਨਾਲ ਚੱਲ ਰਹੀ ਸੰਸਥਾ ਅਨੇਕਾਂ ਸੇਵਾਵਾਂ ਨਿਭਾ ਰਹੀ ਹੈ, ਜਿਵੇਂ ਕਿ ਗੁਰਬਾਣੀ ਸੰਥਿਆ, ਤੰਤੀ ਸਾਜ਼ਾਂ ਦੀ ਵਿੱਦਿਆ, ਸੰਗੀਤ ਵਿੱਦਿਆ, ਸ਼ਾਸਤਰ ਵਿੱਦਿਆ (ਗਤਕਾ), ਤੀਰ ਅੰਦਾਜ਼ੀ ਅਤੇ ਦੁਨਿਆਵੀ ਵਿੱਦਿਆ ਆਦਿ। ਗੁਰਬਾਣੀ ਸੰਥਿਆ ਦੀ ਸੇਵਾ ਭਾਈ ਵੀਰ ਸਿੰਘ ਜੀ (ਮੁੱਛਲ) ਅਤੇ ਭਾਈ ਅਮਰੀਕ ਸਿੰਘ ਜੀ (ਬਾਬਾ ਬਕਾਲਾ ਸਾਹਿਬ) ਨਿਭਾ ਰਹੇ ਹਨ। ਖ਼ਾਲਸਾ ਅਕੈਡਮੀ ਵਿਖੇ ਬੱਚਿਆਂ ਦੀ ਦੁਨਿਆਵੀ ਵਿੱਦਿਆ ਦੀ ਸੇਵਾ ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਵੱਲੋਂ, ਸੁਪਰਡੈਂਟ ਗੁਰਪਿੰਦਰ ਸਿੰਘ, ਮਾਸਟਰ ਬਲਵਿੰਦਰ ਸਿੰਘ, ਕੀਰਤਨ ਸਿਖਲਾਈ ਭਾਈ ਮਨਦੀਪ ਸਿੰਘ (ਅੰਮ੍ਰਿਤਸਰ) ਅਤੇ ਸਮੂਹ ਅਧਿਆਪਕ ਸਾਹਿਬਾਨ ਦੇ ਸਹਿਯੋਗ ਸਦਕਾ ਚੱਲ ਰਹੀ ਹੈ। ਇਸ ਤੋਂ ਇਲਾਵਾ ਇਲਾਕੇ ਦੇ ਬੱਚਿਆਂ ਨੂੰ ਨਸ਼ਿਆਂ ਦੇ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕਰਕੇ ਗੁਰਬਾਣੀ ਵੱਲ ਪ੍ਰੇਰਿਤ ਕੀਤਾ ਜਾਂਦਾ ਹੈ। ਗ੍ਰੰਥੀ ਸਿੰਘਾਂ ਅਤੇ ਲੋੜਵੰਦ ਬੱਚਿਆਂ ਨੂੰ ਇਹ ਸਾਰੀਆਂ ਵਿੱਦਿਆ ਫ੍ਰੀ ਦਿੱਤੀਆਂ ਜਾ ਰਹੀਆਂ ਹਨ ਉਹਨਾਂ ਨੇ ਅਕੈਡਮੀ ਦੇ ਸਾਰੇ ਪਰਿਵਾਰ ਨੂੰ ਵਧਾਈਆਂ ਵੀ ਦਿੱਤੀਆਂ ਅਤੇ ਬੱਚਿਆਂ ਦੀ ਹੌਂਸਲਾ ਹ਼ਫਜਾਈ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਅਕੈਡਮੀ ਦੇ ਵਿਦਿਆਰਥੀ ਇਸੇ ਤਰ੍ਹਾਂ ਹੋਰ ਵੀ ਸਮਾਗਮਾਂ ਵਿੱਚ ਕੀਰਤਨ ਦੀਆਂ ਛਹਿਬਰਾਂ ਲਾਉਂਦੇ ਨਜ਼ਰ ਆਉਣਗੇ । ਇਸ ਖ਼ੁਸ਼ੀ ਦੇ ਮੌਕੇ ਤੇ ਭਾਈ ਤੇਜਬੀਰ ਸਿੰਘ, ਭਾਈ ਸਤਵੰਤ ਸਿੰਘ, ਡਾਕਟਰ ਭਾਈ ਹਰਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਅਰਜਨ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੀ ਹਾਜ਼ਰ ਸਨ, ਜੋ ਅਕੈਡਮੀ ਦੀਆਂ ਸੇਵਾਵਾਂ ਦੇ ਨਾਲ ਨਾਲ ਹਰ ਮਹੀਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਣ ਦੀ ਸੇਵਾ ਵੀ ਨਿਭਾਉਂਦੇ ਹਨ।

> ਇਹ ਹਾਜ਼ਰੀ ਗੁਰੂ ਸਾਹਿਬ ਜੀ ਦੀ ਬਖ਼ਿਸ਼ਸ਼ ਤੇ ਰਹਿਮਤ ਭਰਿਆ ਹੱਥ -ਬਾਬਾ ਮਲਕੀਤ ਸਿੰਘ


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

### ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਬੀਮਾਰੀਆਂ ਤੋਂ ਬਚਣ ਲਈ ਘਰ ਦੇ ਬਣੇ ਭੋਜਨ ਖਾਣੇ ਨੂੰ ਪਹਿਲ ਦਿਉ : ਡਾ. ਦਲਜੀਤ ਸਿੰਘ



**ਜੰਡਿਆਲਾ ਗੁਰੂ 7 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਸਾਨੂੰ ਸਿਹਤਮੰਦ ਰਹਿਣ ਲਈ ਬਾਜਾਰੀ ਚੀਜ਼ਾਂ ਖਾਣ ਤੋਂ ਪਰਹੇਜ਼ ਕਰਦਿਆਂ ਘਰ ਦੇ ਬਣਾਏ ਭੋਜਨ ਖਾਣ ਨੂੰ ਪਹਿਲ ਦੇਣੀ ਚਾਹੀਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬੀ ਏ ਐਮ ਐਸ ਡਾ. ਦਲਜੀਤ ਸਿੰਘ ਨੇ ਟਾਂਗਰਾ ਕਲੀਨਿਕ ਵਿਖੇ ਗੱਲਬਾਤ ਮੌਕੇ ਕੀਤਾ। ਉਂਨਾਂ ਕਿਹਾ ਕਿ ਬਾਹਰਲੇ ਖਾਣੇ ਜ਼ਿਆਦਾ ਤਰ ਪੇਟ ਦੀਆਂ ਬੀਮਾਰੀਆਂ ਲੱਗਣ ਦੇ ਕਾਰਨ ਬਣਦੇ ਹਨ। ਗਰਮੀਆਂ ਵਿੱਚ ਮਿਲਾਵਟੀ ਜਾਂ ਖੁੱਲ੍ਹੇ ਵਿੱਚ ਰੱਖਿਆ ਭੋਜਨ ਜਲਦੀ ਖਰਾਬ ਹੋ ਜਾਂਦਾ ਹੈ। ਜਿਸ ਨਾਲ ਫੂਡ ਪੋਇਜ਼ਨਿੰਗ, ਡਾਇਰੀਆ, ਉਲਟੀਆਂ ਅਤੇ ਪੇਟ ਦੀਆਂ ਹੋਰ ਸਮੱਸਿਆਵਾਂ ਹੋ ਸਕਦੀਆਂ ਹਨ। ਪਾਚਨ ਸ਼ਕਤੀ ਤੇ ਅਸਰ ਅਤੇ ਜ਼ਿਆਦਾ ਤਲਿਆ-ਫਰਾਈ, ਮਿਰਚ-ਮਸਾਲੇਦਾਰ ਅਤੇ ਫਾਸਟ ਫੂਡ ਪਚਾਉਣਾ ਔਖਾ ਹੁੰਦਾ ਹੈ। ਜੋ ਮੈਦੇ ਅਤੇ ਲਿਵਰ ਦੀ ਸਿਹਤ 'ਤੇ ਮਾੜਾ ਅਸਰ ਪਾਉਂਦਾ ਹੈ। ਘਰ ਦਾ ਬਣਿਆ ਭੋਜਨ ਸਿਹਤਮੰਦ ਰਹਿਣ ਲਈ ਘਰ ਵਿੱਚ ਸਾਫ਼-ਸੁਥਰੇ ਢੰਗ ਨਾਲ ਤਿਆਰ ਕੀਤਾ, ਹਲਕਾ ਤਾਜ਼ਾ ਅਤੇ ਸਾਤਵਿਕ ਭੋਜਨ ਹੀ ਖਾਉ। ਸਲਾਦ ਅਤੇ ਤਰਲ ਪਦਾਰਥ ਆਪਣੀ ਖ਼ੁਰਾਕ ਵਿੱਚ ਖੀਰਾ, ਟਮਾਟਰ, ਦਹੀ, ਲੱਸੀ ਅਤੇ ਤਾਜ਼ੇ ਫਲ ਸ਼ਾਮਲ ਕਰੋ ਜੋ ਸਰੀਰ ਨੂੰ ਠੰਢਕ ਅਤੇ ਊਰਜਾ ਦਿੰਦੇ ਹਨ।




### ਦਮਦਮੀ ਟਕਸਾਲ ਸੇਵਕ ਜਥੇ ਵੱਲੋਂ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਵਿਖੇ

# ਅਹੁਦੇਦਾਰਾਂ ਦੀ ਨਿਯੁਕਤੀ 'ਤੇ ਵਿਸ਼ੇਸ਼ ਸਨਮਾਨ ਸਮਾਰੋਹ



**ਫਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ)**-ਦਮਦਮੀ ਟਕਸਾਲ ਸੇਵਕ ਜਥੇ ਵੱਲੋਂ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ, ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਦਮਦਮੀ ਟਕਸਾਲ ਦੇ ਵੱਖ-ਵੱਖ ਅਹੁਦੇਦਾਰਾਂ ਨੂੰ ਨਵੀਆਂ ਜ਼ਿੰਮੇਵਾਰੀਆਂ ਸੌਂਪਦਿਆਂ ਸੇਵਾਵਾਂ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਇਹ ਨਿਯੁਕਤੀਆਂ ਦਮਦਮੀ ਟਕਸਾਲ ਦੇ ਮੁਖੀ ਮਹਾਪੁਰਖ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਯੋਗ ਦਿਸ਼ਾ-ਨਿਰਦੇਸ਼ ਹੇਠ ਸੰਪੰਨ ਹੋਈਆਂ ਹਨ। ਇਸ ਸਮਾਗਮ ਦੌਰਾਨ ਦਮਦਮੀ ਟਕਸਾਲ ਸੇਵਕ ਜਥੇਦਾਰ ਸ੍ਰੀ ਮੁਕਤਸਰ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਵਿਖੇ ਜਥੇਬੰਦੀ ਦੇ ਸੰਗਠਨਾਤਮਕ ਢਾਂਚੇ ਦਾ ਵੱਡੇ ਪੱਧਰ 'ਤੇ ਵਿਸਥਾਰ ਕੀਤਾ ਗਿਆ, ਤਾਂ ਜੋ ਸਿੱਖੀ ਦਾ ਪ੍ਰਚਾਰ ਅਤੇ ਸਮਾਜ ਸੇਵੀ ਕਾਰਜਾਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਇਆ ਜਾ ਸਕੇ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਸਮਾਗਮ ਨੂੰ ਸੰਬੋਧਨ ਕੀਤਾ ਅਤੇ ਜਥੇਬੰਦੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਤੋਂ ਇਲਾਵਾ ਦਮਦਮੀ ਟਕਸਾਲ ਦੇ ਹੋਰ ਪ੍ਰਮੁੱਖ ਆਗੂਆਂ ਵਿੱਚ ਜਥੇਦਾਰ ਭਾਈ ਚਮਕੌਰ ਸਿੰਘ ਅਤੇ ਜਥੇਦਾਰ ਭਾਈ ਬੋਹੜ ਸਿੰਘ ਜੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਸਮਾਗਮ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਤੋਂ ਦਮਦਮੀ ਟਕਸਾਲ ਦੇ ਪ੍ਰਧਾਨ ਭਾਈ ਹਰਪਾਲ ਸਿੰਘ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਮਾਗਮ ਦੇ ਅੰਤ ਵਿੱਚ ਆਗੂਆਂ ਨੇ ਦੱਸਿਆ ਕਿ ਇਸ ਸੰਸਥਾ/ਗਰੁੱਪ ਦਾ ਮੁੱਖ ਮਨੋਰਥ ਲੋਕਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਕਰਨਾ, ਗੁਰਮਤਿ ਸਿਧਾਂਤਾਂ ਨਾਲ ਜੋੜਨਾ ਅਤੇ ਸਮਾਜ ਦੀ ਭਲਾਈ ਲਈ ਕਾਰਜ ਕਰਨਾ ਹੈ। ਨਵ-ਨਿਯੁਕਤ ਅਹੁਦੇਦਾਰਾਂ ਨੇ ਮਹਾਪੁਰਖਾਂ ਅਤੇ ਜਥੇਬੰਦੀ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ।

### ਸਰਨਾ ਦੇ ਦਾਅਵਿਆਂ 'ਤੇ ਕਾਲਕਾ-ਕਾਹਲੋਂ ਦਾ ਤਿੱਖਾ ਪਲਟਵਾਰ

# ਸੰਗਤ ਪਹਿਲਾਂ ਵੀ ਨਕਾਰ ਚੁੱਕੀ, ਹੁਣ ਫਿਰ ਹਾਰ ਲਈ ਰਹਿਣ ਤਿਆਰ

**ਨਵੀਂ ਦਿੱਲੀ, 7 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਪਰਮਜੀਤ ਸਿੰਘ ਸਰਨਾ ਵੱਲੋਂ ਕੀਤੇ ਜਾ ਰਹੇ ਦਾਅਵਿਆਂ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਦਿੱਲੀ ਦੀ ਸੰਗਤ ਨੂੰ ਵਾਰ-ਵਾਰ ਗੁੰਮਰਾਹ ਕਰਨ ਦੀ ਕੋਸ਼ਿਸ਼ ਹੁਣ ਕਾਮਯਾਬ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ 13 ਸਾਲਾਂ ਦੇ ਪ੍ਰਬੰਧ ਦੀ ਗੱਲ ਕਰਨ ਵਾਲੇ ਸਰਨਾ ਇਹ ਵੀ ਦੱਸਣ ਕਿ ਇਨ੍ਹਾਂ ਵਿਚੋਂ ਲਗਭਗ 6 ਸਾਲ ਉਨ੍ਹਾਂ ਦੇ ਹੀ ਸਾਥੀ ਮਨਜੀਤ ਸਿੰਘ ਜੀ.ਕੇ. ਪ੍ਰਧਾਨ ਰਹੇ ਅਤੇ ਉਨ੍ਹਾਂ ਨੂੰ ਹੀ ਚਾਰਜ ਸੌਂਪਿਆ ਗਿਆ ਸੀ। ਕਾਲਕਾ-ਕਾਹਲੋਂ ਨੇ ਸਰਨਾ ਦੇ 120 ਕਰੋੜ ਰੁਪਏ ਖ਼ਜ਼ਾਨੇ ਵਿਚ ਛੱਡਣ ਦੇ ਦਾਅਵੇ 'ਤੇ ਸਵਾਲ ਖੜ੍ਹਾ ਕਰਦਿਆਂ ਕਿਹਾ ਕਿ ਜੇਕਰ ਇਹ ਰਕਮ ਸੱਚਮੁੱਚ ਛੱਡੀ ਗਈ ਸੀ ਤਾਂ ਮਨਜੀਤ ਸਿੰਘ ਜੀ.ਕੇ. ਦੱਸਣ ਕਿ ਉਹ ਪੈਸਾ ਕਿੱਥੇ ਗਿਆ ਅਤੇ ਸੰਗਤ ਦੀ ਭਲਾਈ ਲਈ ਕਿੱਥੇ ਖਰਚ ਹੋਇਆ? ਉਨ੍ਹਾਂ ਕਿਹਾ ਕਿ ਮੌਜੂਦਾ ਪ੍ਰਬੰਧਕ ਟੀਮ ਨੂੰ ਪੁਰਾਣੇ ਦਾਅਵਿਆਂ ਨਾਲ ਨਹੀਂ, ਸਗੋਂ ਕੀਤੇ ਗਏ ਕੰਮਾਂ ਨਾਲ ਪਰਖਿਆ ਜਾਵੇ। ਕਾਲਕਾ ਅਤੇ ਕਾਹਲੋਂ ਨੇ ਕੁਲਦੀਪ ਸਿੰਘ ਭੋਗਲ ਵੱਲੋਂ ਸਨਲਾਈਟ ਕਲੋਨੀ ਵਿਚ ਦਰਜ ਕਰਵਾਈ ਐਫ.ਆਈ.ਆਰ. ਦੀ ਕਾਪੀ ਵਿਖਾਉਂਦਿਆਂ ਸਰਨਾ ਨੂੰ ਪੁਰਾਣੇ ਵਿਵਾਦ ਯਾਦ ਕਰਵਾਏ ਅਤੇ ਕਿਹਾ ਕਿ ਜਿਹੜੇ ਲੋਕ ਅੱਜ ਉਨ੍ਹਾਂ ਦੇ ਆਲੇ-ਦੁਆਲੇ ਬੈਠੇ ਹਨ, ਉਹੀ ਬੀਤੇ ਸਮੇਂ ਵਿਚ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਵਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਰਨਾ ਨੂੰ ਦੂਜਿਆਂ 'ਤੇ ਇਲਜ਼ਾਮ ਲਾਉਣ ਤੋਂ ਪਹਿਲਾਂ ਆਪਣੇ ਸਿਆਸੀ ਸਫ਼ਰ ਅਤੇ ਪੁਰਾਣੇ ਸਾਥੀਆਂ ਦਾ ਰਿਕਾਰਡ ਵੀ ਵੇਖਣਾ ਚਾਹੀਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸਰਨਾ ਅਤੇ ਉਨ੍ਹਾਂ ਤੋਂ ਬਾਅਦ ਦੇ ਪ੍ਰਬੰਧ ਹੇਠ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ਼ ਦੇ ਤਨਖਾਹ ਕਮਿਸ਼ਨ ਦੇ ਬਕਾਏ ਸਾਲਾਂ ਤੱਕ ਲਟਕਦੇ ਰਹੇ ਅਤੇ ਸਟਾਫ਼ ਨੂੰ ਅਦਾਲਤਾਂ ਦੇ ਚੱਕਰ ਕੱਟਣੇ ਪਏ। ਉਨ੍ਹਾਂ ਮੁਤਾਬਕ ਮੌਜੂਦਾ ਟੀਮ ਨੇ ਲਗਭਗ 200 ਕਰੋੜ ਰੁਪਏ ਜਾਰੀ ਕਰਕੇ ਬਕਾਏ ਨਿਪਟਾਏ। ਇਸੇ ਤਰ੍ਹਾਂ ਉਨ੍ਹਾਂ ਬਾਲਾ ਸਾਹਿਬ ਹਸਪਤਾਲ ਅਤੇ ਸਿੱਖਿਆ ਸੰਸਥਾਵਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਮੌਜੂਦਾ ਪ੍ਰਬੰਧ ਹੇਠ ਹਸਪਤਾਲ ਵਿਚ ਮੁਫ਼ਤ ਓ.ਪੀ.ਡੀ., ਦਿਲ ਦੇ ਰੋਗਾਂ ਦਾ ਇਲਾਜ, ਕੈਂਸਰ ਟੈਸਟ ਅਤੇ ਮੁਫ਼ਤ ਡਾਇਲਸਿਸ ਵਰਗੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਕਮੇਟੀ ਦੇ ਚਾਰੋਂ ਕਾਲਜ ਏ-ਪਲੱਸ ਕੈਟਾਗਰੀ ਵਿਚ ਹਨ ਅਤੇ ਵਸੰਤ ਵਿਹਾਰ ਵਿਚ ਬੰਦ ਕੀਤਾ ਗਿਆ ਪੋਲੀਟੈਕਨਿਕ ਹਰੀ ਨਗਰ ਤਬਦੀਲ ਕਰਕੇ ਮੁੜ ਚਲਾਇਆ ਗਿਆ, ਜਿੱਥੋਂ ਹਰ ਸਾਲ ਵਿਦਿਆਰਥੀ ਇੰਜੀਨੀਅਰਿੰਗ ਦੀ ਸਿੱਖਿਆ ਹਾਸਲ ਕਰ ਰਹੇ ਹਨ। ਕਾਲਕਾ-ਕਾਹਲੋਂ ਨੇ ਸਰਨਾ ਅਤੇ ਜੀ.ਕੇ. ਦੀ ਮੌਜੂਦਾ ਸਿਆਸੀ ਸਾਂਝ 'ਤੇ ਵੀ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਜਿਹੜੇ ਲੋਕ ਕੱਲ੍ਹ ਤੱਕ ਇਕ-ਦੂਜੇ ਦੇ ਸਿਆਸੀ ਵਿਰੋਧੀ ਸਨ, ਅੱਜ ਇਕੱਠੇ ਹੋ ਕੇ ਸੰਗਤ ਅੱਗੇ ਨਵੇਂ ਦਾਅਵੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ, ਮਨਜੀਤ ਸਿੰਘ ਜੀ.ਕੇ., ਅਵਤਾਰ ਸਿੰਘ ਹਿੱਤ ਅਤੇ ਕੁਲਦੀਪ ਸਿੰਘ ਭੋਗਲ ਵੱਲੋਂ ਸਰਨਾ ਭਰਾਵਾਂ ਦੀ ਆਲੋਚਨਾ ਵਾਲੀਆਂ ਪੁਰਾਣੀਆਂ ਵੀਡੀਓਜ਼ ਜਨਤਕ ਤੌਰ 'ਤੇ ਮੌਜੂਦ ਹਨ, ਇਸ ਲਈ ਅੱਜ ਦੀ ਸਾਂਝ ਦੇ ਪਿੱਛੇ ਦੇ ਕਾਰਨਾਂ ਬਾਰੇ ਸੰਗਤ ਖੁਦ ਫ਼ੈਸਲਾ ਕਰੇ। ਉਨ੍ਹਾਂ ਸਰਨਾ ਵੱਲੋਂ ਗੁਰੂ ਘਰਾਂ ਵਿਚ ਕੀਰਤਨ ਦੇ ਮਿਆਰ ਬਾਰੇ ਕੀਤੀ ਟਿੱਪਣੀ ਨੂੰ ਵੀ ਗੰਭੀਰਤਾ ਨਾਲ ਲੈਂਦਿਆਂ ਕਿਹਾ ਕਿ ਗੁਰੂ ਘਰ ਦੀ ਮਹਾਨਤਾ ਕਿਸੇ ਵਿਅਕਤੀ ਵੱਲੋਂ ਚੜ੍ਹਾਏ ਸੋਨੇ ਨਾਲ ਨਹੀਂ, ਸਗੋਂ ਗੁਰੂ ਦੀ ਹਜ਼ੂਰੀ ਅਤੇ ਸੰਗਤ ਦੀ ਸ਼ਰਧਾ ਨਾਲ ਹੈ। ਉਨ੍ਹਾਂ ਕਿਹਾ ਕਿ ਇਤਿਹਾਸਕ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸੰਗਤ ਕਿਸੇ ਵਿਅਕਤੀ ਦੇ ਯੋਗਦਾਨ ਕਾਰਨ ਨਹੀਂ, ਗੁਰੂ ਦੀਆਂ ਅਸੀਸਾਂ ਲੈਣ ਲਈ ਜਾਂਦੀ ਹੈ ਅਤੇ ਇਸ ਤਰ੍ਹਾਂ ਦੀ ਟਿੱਪਣੀ ਲਈ ਸਰਨਾ ਨੂੰ ਸੰਗਤ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ। ਅਖੀਰ ਵਿਚ ਕਾਲਕਾ-ਕਾਹਲੋਂ ਨੇ ਕਿਹਾ ਕਿ ਦਿੱਲੀ ਦੀ ਸੰਗਤ ਪਹਿਲਾਂ ਵੀ ਸਰਨਾ ਅਤੇ ਜੀ.ਕੇ. ਦੀਆਂ ਨੀਤੀਆਂ ਨੂੰ ਚੋਣਾਂ ਵਿਚ ਨਕਾਰ ਚੁੱਕੀ ਹੈ ਅਤੇ ਹੁਣ ਵੀ ਫ਼ੈਸਲਾ ਕੰਮਾਂ ਦੇ ਆਧਾਰ 'ਤੇ ਹੋਵੇਗਾ। "ਜਿਹੜੇ ਲੋਕ ਪੁਰਾਣੇ ਦਾਅਵਿਆਂ ਅਤੇ ਇਲਜ਼ਾਮਾਂ ਦੀ ਰਾਜਨੀਤੀ ਲੈ ਕੇ ਆ ਰਹੇ ਹਨ, ਉਹ ਇਕ ਵਾਰ ਫਿਰ ਸੰਗਤ ਦੇ ਫ਼ੈਸਲੇ ਲਈ ਤਿਆਰ ਰਹਿਣ।"



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

# ਸਿਹਤ ਮੰਤਰੀ ਦੇ ਓ.ਐਸ.ਡੀ. ਡਾ. ਸ਼ਾਲੀਨ ਮਿੱਤਰਾ ਵੱਲੋਂ ਤਲਵੰਡੀ ਸਾਬੋ ਹਸਪਤਾਲ ਦਾ ਅਚਨਚੇਤ ਦੌਰਾ; ਨਵੇਂ ਨਸ਼ਾ ਛੁਡਾਊ ਕੇਂਦਰ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ





**ਤਲਵੰਡੀ ਸਾਬੋ 07 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਦੇ ਸਿਹਤ ਮੰਤਰੀ ਦੇ ਓ.ਐੱਸ.ਡੀ. ਡਾ. ਸ਼ਾਲੀਨ ਮਿੱਤਰਾ ਵੱਲੋਂ ਅੱਜ ਸਬ-ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦਾ ਅਧਿਕਾਰਤ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਹਸਪਤਾਲ ਵਿੱਚ ਬਣ ਰਹੇ ਨਵੇਂ ਨਸ਼ਾ ਛੁਡਾਊ ਕੇਂਦਰ (ਡੀ-ਐਡਿਕਸ਼ਨ ਸੈਂਟਰ) ਦਾ ਵਿਸ਼ੇਸ਼ ਤੌਰ 'ਤੇ ਨਿਰੀਖਣ ਕੀਤਾ। ਡਾ. ਮਿੱਤਰਾ ਨੇ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਇਹ 10 ਬੈੱਡਾਂ ਵਾਲਾ ਨਸ਼ਾ ਛੁਡਾਊ ਕੇਂਦਰ ਸਤੰਬਰ ਮਹੀਨੇ ਦੇ ਅੰਦਰ-ਅੰਦਰ ਹੀ ਲਾਇਸੈਂਸ ਜਾਰੀ ਕਰਕੇ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਐੱਸ.ਐੱਮ.ਓ. ਡਾ. ਰਵੀ ਕਾਂਤ ਗੁਪਤਾ ਅਤੇ ਸਮੂਹ ਸਟਾਫ਼ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਇਸ ਕੇਂਦਰ ਲਈ ਬਜਟ, ਸਾਜ਼ੋ-ਸਾਮਾਨ ਜਾਂ ਹੋਰ ਜਿਸ ਵੀ ਚੀਜ਼ ਦੀ ਲੋੜ ਹੈ, ਉਹ ਤੁਰੰਤ ਦੱਸੀ ਜਾਵੇ ਤਾਂ ਜੋ ਰਹਿੰਦੀਆਂ ਕਮੀਆਂ ਨੂੰ ਦੂਰ ਕਰਕੇ ਇਸ ਨੂੰ ਜਲਦ ਚਾਲੂ ਕੀਤਾ ਜਾ ਸਕੇ। ਇਸ ਦੌਰੇ ਦੌਰਾਨ ਡਾ. ਸ਼ਾਲੀਨ ਮਿੱਤਰਾ ਨੇ ਹਸਪਤਾਲ ਦੇ ਐਮਰਜੈਂਸੀ ਵਾਰਡ, ਓਪਰੇਸ਼ਨ ਥੀਏਟਰ, ਓ.ਪੀ.ਡੀ. ਅਤੇ ਜਨਰਲ ਵਾਰਡਾਂ ਦਾ ਵੀ ਮੁਆਇਨਾ ਕੀਤਾ। ਉਨ੍ਹਾਂ ਉੱਥੇ ਦਾਖ਼ਲ ਅਤੇ ਦਵਾਈ ਲੈਣ ਆਏ ਮਰੀਜ਼ਾਂ ਨਾਲ ਖ਼ੁਦ ਗੱਲਬਾਤ ਕਰਕੇ ਸਿਹਤ ਸਹੂਲਤਾਂ ਤੇ ਦਵਾਈਆਂ ਦੀ ਉਪਲਬਧਤਾ ਬਾਰੇ ਜਾਣਕਾਰੀ ਲਈ। ਮਰੀਜ਼ਾਂ ਵੱਲੋਂ ਸਰਕਾਰੀ ਦਵਾਈਆਂ ਅੰਦਰੋਂ ਹੀ ਮਿਲਣ 'ਤੇ ਤਸੱਲੀ ਪ੍ਰਗਟਾਈ ਗਈ, ਜਿਸ 'ਤੇ ਡਾ. ਮਿੱਤਰਾ ਨੇ ਹਸਪਤਾਲ ਦੇ ਪ੍ਰਬੰਧਾਂ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ ਐੱਸ.ਐੱਮ.ਓ. ਡਾ. ਰਵੀ ਕਾਂਤ ਗੁਪਤਾ ਅਤੇ ਸਮੁੱਚੇ ਮੈਡੀਕਲ ਸਟਾਫ਼ ਦੀ ਸ਼ਲਾਘਾ ਕੀਤੀ। ਦੌਰੇ ਦੌਰਾਨ ਹਸਪਤਾਲ ਪ੍ਰਸ਼ਾਸਨ ਵੱਲੋਂ ਡਾ. ਸ਼ਾਲੀਨ ਮਿੱਤਰਾ ਦਾ ਬੁੱਕੇ ਭੇਟ ਕਰਕੇ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ। ਇਸ ਮੌਕੇ ਐੱਸ.ਐੱਮ.ਓ. ਵੱਲੋਂ ਉਨ੍ਹਾਂ ਦਾ ਉਚੇਚੇ ਤੌਰ 'ਤੇ ਧੰਨਵਾਦ।

# ਸੇਂਟ ਸੋਲਜਰ ਸਕੂਲ ਡਾਇਰੈਕਟਰ ਡਾ.ਮੰਗਲ ਸਿੰਘ ਦੀ ਅਗਵਾਈ ਚ ਮੈਨੇਜਮੈਂਟ ਵੱਲੋਂ ਅਧਿਆਪਕ ਦਿਵਸ ਨਿਵੇਕਲੇ ਢੰਗ ਨਾਲ ਮਨਾਇਆ ਗਿਆ ਯਾਦਗਾਰੀ ਟੂਰ ਤਹਿਤ ਇਤਿਹਾਸਕ ਗੁਰਧਾਮਾਂ ਦੇ ਕੀਤੇ ਦਰਸ਼ਨ




**ਜੰਡਿਆਲਾ ਗੁਰੂ 7 ਸਤੰਬਰ ( ਕੁਲਵੰਤ ਸਿੰਘ ਵਿਰਦੀ )** ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਇਸ ਵਾਰ ਅਧਿਆਪਕ ਦਿਵਸ ਬੜੇ ਹੀ ਨਿਵੇਕਲੇ ਢੰਗ ਨਾਲ ਮਨਾਇਆ ਗਿਆ ।ਇਸ ਵਾਰ ਅਧਿਆਪਕ ਦਿਵਸ ਤੇ ਪੂਰੀ ਸਲਤਨਤ ਦੇ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਬਖਸ਼ਿਸ਼ਾਂ ਰਹਿਮਤਾਂ ਲਈਆਂ ਗਈਆਂ ।ਇਸ ਸਬੰਧੀ ਸਕੂਲ ਮੈਨੇਜਮੈਂਟ ਵੱਲੋਂ ਸਾਰੇ ਸਟਾਫ ਨੂੰ ਸੁਲਤਾਨਪੁਰ ਲੋਧੀ ਦਾ ਟੂਰ ਕਰਵਾਇਆ ਗਿਆ ਅਤੇ ਧੰਨ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਵੱਖ ਵੱਖ ਗੁਰਦੁਆਰਾ ਸਾਹਿਬ ਜੀ ਦੇ ਦਰਸ਼ਨ ਕਰਵਾਏ ਗਏ ਜਿੱਥੇ ਕਿ ਸਾਰੇ ਸਟਾਫ ਨੇ ਗੁਰੂ ਜੀ ਨਾਲ ਸੰਬੰਧਿਤ ਗੁਰਦੁਆਰਿਆਂ ਦੇ ਦਰਸ਼ਨ ਕੀਤੇ, ਨਤਮਸਤਕ ਹੋਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਅਤੇ ਨਾਲ ਹੀ ਗੁਰਦੁਆਰਿਆਂ ਦੇ ਇਤਿਹਾਸ ਸਬੰਧੀ ਵੀ ਜਾਣਕਾਰੀ ਲਈ ਤਾਂ ਕਿ ਸਕੂਲ ਦੇ ਵਿਦਿਆਰਥੀਆਂ ਨੂੰ ਵੀ ਗੁਰ ਇਤਿਹਾਸ ਨਾਲ ਜੋੜ ਕੇ ਗੁਰੂ ਦੀਆਂ ਬਖਸ਼ਿਸ਼ਾਂ ਦਾ ਪਾਤਰ ਬਣਾਇਆ ਜਾ ਸਕੇ। ਉਪਰੰਤ ਸਾਰੇ ਸਟਾਫ ਲਈ ਸਕੂਲ ਮੈਨੇਜਮੈਂਟ ਵੱਲੋਂ ਸ਼ਾਨਦਾਰ ਲੰਚ ਦਾ ਵੀ ਪ੍ਰਬੰਧ ਕੀਤਾ ਗਿਆ। ਜਿਸ ਵਿੱਚ ਅਧਿਆਪਕਾਂ ਨੇ ਸੁਆਦੀ ਖਾਣੇ, ਹਾਸੇ ,ਗੱਲਬਾਤ, ਦੋਸਤੀ ਦੇ ਪਲਾਂ ਦਾ ਆਨੰਦ ਅਤੇ ਊਰਜਾ ਨਾਲ ਭਰਪੂਰ ਨਾਚ, ਗਿੱਧੇ,ਭੰਗੜੇ ਆਦਿ ਦਾ ਆਨੰਦ ਮਾਣਿਆ ਅਤੇ ਇਸ ਟੂਰ ਨੂੰ ਅਭੁੱਲ ਯਾਦ ਨਾਲ ਭਰ ਦਿੱਤਾ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਡਾ. ਅਮਰਪ੍ਰੀਤ ਕੌਰ ਜੀ ਨੇ ਸਾਰੇ ਹੀ ਅਧਿਆਪਕਾਂ ਦੀ ਮਿਹਨਤ ਲਗਨ ਅਤੇ ਕੰਮ ਕਰਨ ਦੀ ਇੱਛਾ ਦੀ ਭਰਪੂਰ ਸ਼ਲਾਗਾ ਕੀਤੀ ਅਤੇ ਕਿਹਾ ਕਿ ਆਓ ਸਾਰੇ ਹੀ ਆਪਾਂ ਇੱਕ ਟੀਮ ਵਰਕ ਨਾਲ ਮਿਹਨਤ ਨਾਲ ਕੰਮ ਕਰੀਏ ਆਪਣੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਨਹਿਰਾ ਬਣਾਉਣ ਦਾ ਯਤਨ ਜਾਰੀ ਰੱਖੀਏ। ਅਤੇ ਇਸੇ ਤਰ੍ਹਾਂ ਇੱਕ ਜੁੱਟਤਾ ਨਾਲ ਸੇਂਟ ਸੋਲਜਰ ਫੈਮਲੀ ਵਿਚ ਪਿਆਰ ਅਤੇ ਸਨਮਾਨ ਬਣਾਈ ਰਖੀਏ। ਉਹਨਾਂ ਨੇ ਇਸ ਟੂਰ ਨੂੰ ਇੱਕ ਯਾਦਗਾਰੀ ਅਤੇ ਅਭੁੱਲ ਯਾਦਾਂ ਨਾਲ ਸੰਜੋਇਆ ਟੂਰ ਬਣਾਉਣ ਲਈ ਸਾਰੇ ਅਧਿਆਪਕਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਸਕੂਲ ਦੇ ਸਮੁੱਚੇ ਸਟਾਫ ਨੇ ਵੀ ਇਸ ਯਾਦਗਾਰੀ ਟੂਰ ਵਾਸਤੇ ਸਕੂਲ ਮੈਨੇਜਮੈਂਟ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ।